ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995582124531/

YouTube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 10 ਜਨਵਰੀ 2025 (ਨਾਨਕਸ਼ਾਹੀ ਸੰਮਤ : ੫੫੬, ੨੬ ਪੋਹ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਅੰਮ੍ਰਿਤਪਾਲ ਸਿੰਘ ਦੀ ਪਾਰਟੀ ਦਾ ਬਦਲੇਗਾ ਨਾਂਅ ?

**ਚੰਡੀਗੜ੍ਹ, 9 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਨੈਸ਼ਨਲ ਸਕਿਓਰਿਟੀ ਐਕਟ ਤਹਿਤ ਆਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਖਾਲਿਸਤਾਨ ਸਮਰਥਕ ਤੇ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਆਪਣੀ ਪਾਰਟੀ ਦਾ ਨਾਂਅ ਅਕਾਲੀ ਦਲ (ਸ਼੍ਰੀ ਆਨੰਦਪੁਰ ਸਾਹਿਬ) ਰੱਖਣ ਜਾ ਰਹੇ ਹਨ। ਇਹ ਜਾਣਕਾਰੀ ਹਲਕਾ ਫਰੀਦਕੋਟ ਤੋਂ ਸੰਸਦ ਮੈਂਬਰ ਸਰਬਜੀਤ ਸਿੰਘ ਖਾਲਸਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦਿੱਤੀ ਹੈ ਪਰ ਹੁਣ ਇਸ ਨੂੰ ਲੈ ਕੇ ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਨੇ ਵੱਡਾ ਖ਼ੁਲਾਸਾ ਕੀਤਾ ਹੈ। ਇੱਕ ਚੈਨਲ ਨਾਲ ਰਾਬਤਾ ਕਰਦਿਆਂ ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਨੇ ਕਿਹਾ ਕਿ ਅਜੇ ਪਾਰਟੀ ਦਾ ਨਾਂਅ ਕੋਈ ਪੱਕਾ ਨਹੀਂ ਹੈ, ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ ਨੂੰ 3 ਜਾਂ 4 ਨਾਂਅ ਦਿੱਤੇ ਗਏ ਹਨ ਜਿਸ ਕਰਕੇ ਅਜੇ ਕੁਝ ਪੱਕਾ ਨਹੀਂ ਹੈ। ਉਨ੍ਹਾਂ ਦਾਅਵਾ ਕੀਤਾ ਕਿ ਹਰ ਸਿਆਸੀ ਪਾਰਟੀ ਦਿੱਲੀ ਤੋਂ ਰਜਿਸਟਰ ਹੁੰਦੀ ਹੈ ਤੇ ਉੱਥੇ ਨਾਂਅ ਦੇ ਆਪਸ਼ਨ ਦਿੱਤੇ ਜਾਂਦੇ ਹਨ ਤੇ ਅਸੀਂ ਵੀ ਕੁਝ ਨਾਂਅ ਦਿੱਤੇ ਹਨ ਜਿਸ ਤੋਂ ਬਾਅਦ ਤੈਅ ਹੋਵੇਗਾ ਕਿ ਪਾਰਟੀ ਦਾ ਨਾਂਅ ਕੀ ਹੋਵੇਗਾ। ਉਨ੍ਹਾਂ ਕਿਹਾ ਕਿ ਹੋ ਸਕਦਾ ਹੈ ਕਿ ਅਸੀਂ ਜੋ ਨਾਂਅ ਚਾਹੁੰਦੇ ਹੋ ਉਹੀ ਮਿਲ ਜਾਵੇ। ਇਸ ਮੌਕੇ ਜਦੋਂ ਤਰਸੇਮ ਸਿੰਘ ਤੋਂ ਪੁੱਛਿਆ ਗਿਆ ਕਿ ਚਰਚਾਵਾਂ ਹਨ ਕਿ ਤੁਸੀਂ ਪਾਰਟੀ ਦੇ ਪ੍ਰਧਾਨ ਬਣਨ ਜਾ ਰਹੇ ਹੋ ਤਾਂ ਕਿ ਇਹ ਪਰਿਵਾਰਵਾਦ ਨਹੀਂ ਹੈ, ਜਿਸ ਤੋਂ ਬਾਅਦ ਉਨ੍ਹਾਂ ਕਿਹਾ ਕਿ ਜੇ ਅੰਮ੍ਰਿਤਪਾਲ ਸਿੰਘ ਬਾਹਰ ਹੁੰਦਾ ਤੇ ਉਸ ਕੋਲ ਕੋਈ ਅਹੁਦਾ ਹੁੰਦਾ ਤੇ ਫਿਰ ਅਸੀਂ ਕੋਈ ਅਹੁਦਾ ਲੈਂਦਾ ਤਾਂ ਉਹ ਪਰਿਵਾਰਵਾਦ ਸੀ।

## SKM ਦੀ ਮਹਾਪੰਚਾਇਤ 'ਚ ਹੋਇਆ ਵੱਡਾ ਫ਼ੈਸਲਾ !

# ਇਕੱਠੀਆਂ ਹੋਣਗੀਆਂ ਸਾਰੀਆਂ ਜਥੇਬੰਦੀਆਂ

**ਮੋਗਾ, 9 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਮੋਗਾ 'ਚ ਹੋਈ ਸੰਯੁਕਤ ਕਿਸਾਨ ਮੋਰਚਾ (SKM) ਦੀ ਮਹਾਪੰਚਾਇਤ ਨੇ ਵੱਡਾ ਫੈਸਲਾ ਲਿਆ ਹੈ। ਸ਼ੰਭੂ ਅਤੇ ਖਨੌਰੀ ਸਰਹੱਦ 'ਤੇ ਚੱਲ ਰਹੇ ਕਿਸਾਨ ਅੰਦੋਲਨ ਦੀ ਹਮਾਇਤ ਲਈ ਇਕਜੁੱਟ ਹੋਣ ਲਈ ਮਹਾਪੰਚਾਇਤ 'ਚ ਪ੍ਰਸਤਾਵ ਪਾਸ ਕੀਤਾ ਗਿਆ ਹੈ। ਭਲਕੇ (ਸ਼ੁੱਕਰਵਾਰ) 101 ਕਿਸਾਨਾਂ ਦਾ ਇੱਕ ਜਥਾ ਛੇ ਮੈਂਬਰੀ ਕਮੇਟੀ ਸਮੇਤ ਖਨੌਰੀ ਮੋਰਚੇ ਵਿੱਚ ਜਾਵੇਗਾ। ਇਸ ਤੋਂ ਬਾਅਦ ਏਕਤਾ ਲਈ 15 ਜਨਵਰੀ ਨੂੰ ਪਟਿਆਲਾ ਵਿਖੇ ਮੀਟਿੰਗ ਕੀਤੀ ਜਾਵੇਗੀ। ਇਸ ਵਿੱਚ ਸੰਘਰਸ਼ ਲਈ ਅਗਲੀ ਰਣਨੀਤੀ ਤਿਆਰ ਕੀਤੀ ਜਾਵੇਗੀ। ਮਹਾਪੰਚਾਇਤ ਦੇ ਮੰਚ ਤੋਂ ਕਿਸਾਨ ਆਗੂ ਜੋਗਿੰਦਰ ਸਿੰਘ ਉਗਰਾਹਾਂ ਨੇ ਕਿਹਾ ਕਿ ਕੋਈ ਵੀ ਕਿਸਾਨ ਆਗੂ ਸ਼ੰਭੂ ਤੇ ਖਨੌਰੀ ਸਰਹੱਦ 'ਤੇ ਚੱਲ ਰਹੇ ਮੋਰਚੇ ਖ਼ਿਲਾਫ਼ ਬਿਆਨਬਾਜ਼ੀ ਨਹੀਂ ਕਰੇਗਾ। ਇਸ ਦੇ ਨਾਲ ਹੀ ਕਿਹਾ ਕਿ ਸਰਕਾਰ ਤੋਂ ਮੰਗਾਂ ਦੀ ਪੂਰਤੀ ਲਈ ਯਤਨ ਕੀਤੇ ਜਾਣਗੇ, ਮਹਾਪੰਚਾਇਤ ਵਿੱਚ ਫੈਸਲਾ ਕੀਤਾ ਗਿਆ ਕਿ 13 ਜਨਵਰੀ ਨੂੰ ਤਹਿਸੀਲ ਪੱਧਰ 'ਤੇ ਕੇਂਦਰ ਦੀ ਖੇਤੀ ਮੰਡੀਕਰਨ ਨੀਤੀ ਦੇ ਖਰੜੇ ਦੀਆਂ ਕਾਪੀਆਂ ਸਾੜੀਆਂ ਜਾਣਗੀਆਂ। ਇਸ ਦੇ ਨਾਲ ਹੀ 26 ਜਨਵਰੀ ਨੂੰ ਟਰੈਕਟਰ ਮਾਰਚ ਵੀ ਕੱਢਿਆ ਜਾਵੇਗਾ।



ਆਗੂਆਂ ਨੇ ਕਿਹਾ ਕਿ ਜੇ ਸਹਿਮਤੀ ਬਣ ਜਾਂਦੀ ਹੈ ਤਾਂ ਇਹ ਪ੍ਰੋਗਰਾਮ ਸਾਂਝੇ ਤੌਰ 'ਤੇ ਵੀ ਕੀਤਾ ਜਾ ਸਕਦਾ ਹੈ। ਕਿਸਾਨ ਆਗੂ ਰਾਕੇਸ਼ ਟਿਕੈਤ ਨੇ ਕਿਹਾ ਕਿ ਸਾਡੀ ਤਲਮਾਲ ਕਮੇਟੀ ਕੱਲ੍ਹ ਖਨੌਰੀ ਮੋਰਚੇ 'ਤੇ ਜਾਵੇਗੀ। ਜੇ ਪੰਜਾਬ ਦੀਆਂ ਜਥੇਬੰਦੀਆਂ ਇੱਕਜੁੱਟ ਹੋ ਜਾਂਦੀਆਂ ਹਨ, ਤਾਂ ਪੂਰਾ ਦੇਸ਼ ਇੱਕਜੁੱਟ ਹੋ ਜਾਵੇਗਾ। ਇਸ ਵੇਲੇ ਇਹ ਲਹਿਰ ਪੰਜਾਬ ਦੀ ਧਰਤੀ 'ਤੇ ਹੈ। ਇਸਨੂੰ ਦੂਜੇ ਰਾਜਾਂ ਵਿੱਚ ਲਿਜਾਣਾ ਪਵੇਗਾ। ਸੰਯੁਕਤ ਕਿਸਾਨ ਮੋਰਚਾ ਇਸ ਲੜਾਈ ਤੋਂ ਕਦੇ ਵੀ ਪਿੱਛੇ ਨਹੀਂ ਹਟੇਗਾ। SKM ਦੇ 40 ਆਗੂ ਹਨ। ਭਾਰਤ ਸਰਕਾਰ SKM ਨੂੰ ਤੋੜਨਾ ਚਾਹੁੰਦੀ ਹੈ। ਸਰਕਾਰ ਨੇ 700 ਨਵੇਂ ਸੰਗਠਨ ਬਣਾਏ ਹਨ। ਉਹ ਸਰਕਾਰ ਦੀ ਭਾਸ਼ਾ ਬੋਲਦਾ ਹੈ। ਇਹ ਲੜਾਈ ਬਹੁਤ ਲੰਬੀ ਹੋਵੇਗੀ। ਆਪਣੀਆਂ ਜਥੇਬੰਦੀਆਂ ਨੂੰ ਮਜ਼ਬੂਤ ? ?ਰੱਖੋ। ਸਾਡੇ ਕੁਝ ਸਾਥੀ ਭੁੱਖ ਹੜਤਾਲ 'ਤੇ ਹਨ। ਵਰਤ ਆਪਣੇ 45ਵੇਂ ਦਿਨ ਵਿੱਚ ਦਾਖਲ ਹੋ ਗਿਆ ਹੈ। ਸਾਨੂੰ ਇਸ ਗੱਲ ਦਾ ਵੀ ਦੁੱਖ ਹੈ ਕਿ ਸਰਕਾਰ ਉਨ੍ਹਾਂ ਦੀ ਗੱਲ ਸੁਣ ਰਹੀ ਹੈ ਪਰ ਸਰਕਾਰ ਦਾ ਇਹ ਰਵੱਈਆ ਸਹੀ ਨਹੀਂ ਹੈ। ਜ਼ਿਕਰ ਕਰ ਦਈਏ ਕਿ SKM ਆਗੂ ਅਜੇ ਤੱਕ ਸ਼ੰਭੂ ਅਤੇ ਖਨੌਰੀ ਸਰਹੱਦਾਂ 'ਤੇ ਚੱਲ ਰਹੇ ਸੰਘਰਸ਼ ਵਿੱਚ ਸ਼ਾਮਲ ਨਹੀਂ ਹੋਏ ਹਨ। ਹਾਲਾਂਕਿ, ਸੰਘਰਸ਼ ਵਿੱਚ ਸ਼ਾਮਲ ਹੋਣ ਸੰਬੰਧੀ ਦੋਵਾਂ ਧਿਰਾਂ ਵਿਚਕਾਰ ਇੱਕ ਮੀਟਿੰਗ ਜ਼ਰੂਰ ਹੋਈ ਹੈ। ਜਦੋਂ ਕਿ ਬਹੁਤ ਸਾਰੇ ਨੇਤਾ ਸ਼ੁਰੂ ਤੋਂ ਹੀ ਚਾਹੁੰਦੇ ਰਹੇ ਹਨ ਕਿ ਇਹ ਇੱਕਜੁੱਟ ਹੋਵੇ। ਦੂਜੇ ਪਾਸੇ, ਇਹ ਵੀ ਚਰਚਾ ਹੈ ਕਿ ਸਰਕਾਰ ਇਸ ਅੰਦੋਲਨ ਨੂੰ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ।

**(ਹੋਰ ਤਸਵੀਰਾਂ ਪੰਨਾ 19 'ਤੇ)**

## ਡੱਲੇਵਾਲ ਦੀ ਹਾਲਤ ਨਾਜ਼ੁਕ, ਕਿਸਾਨਾਂ ਨੂੰ ਸੁਨੇਹਾ...ਮੇਰੇ ਮਰਨ ਤੋਂ ਬਾਅਦ ਵੀ ਮੋਰਚਾ ਇਸੇ ਤਰ੍ਹਾਂ ਚੱਲਦਾ ਰਹੇ...

**ਚੰਡੀਗੜ੍ਹ, 9 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਤੇ ਹਰਿਆਣਾ ਦੀ ਖਨੌਰੀ ਸਰਹੱਦ 'ਤੇ ਭੁੱਖ ਹੜਤਾਲ 'ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਹਾਲਤ ਬੇਹੱਦ ਨਾਜ਼ੁਕ ਹੋ ਗਈ ਹੈ। ਅੱਜ ਉਨ੍ਹਾਂ ਦੇ ਵਰਤ ਦਾ 45ਵਾਂ ਦਿਨ ਹੈ। ਡੱਲੇਵਾਲ ਦਾ ਬਲੱਡ ਪ੍ਰੈਸ਼ਰ (ਬੀਪੀ) ਲਗਾਤਾਰ ਡਿੱਗ ਰਿਹਾ ਹੈ। ਡਾਕਟਰਾਂ ਨੇ ਕਿਹਾ ਹੈ ਕਿ ਉਨ੍ਹਾਂ ਨੂੰ ਬੋਲਣ ਵਿੱਚ ਵੀ ਮੁਸ਼ਕਲ ਆ ਰਹੀ ਹੈ। ਅਜਿਹੀ ਸਥਿਤੀ ਵਿੱਚ ਹੁਣ ਉਹ ਕਿਸੇ ਨੂੰ ਵੀ ਨਹੀਂ ਮਿਲਣਗੇ। ਮੈਡੀਕਲ ਬੁਲੇਟਿਨ ਜਾਰੀ ਕਰਦੇ ਹੋਏ ਡਾਕਟਰਾਂ ਨੇ ਕਿਹਾ ਕਿ ਜੇਕਰ ਉਨ੍ਹਾਂ ਦੀਆਂ ਲੱਤਾਂ ਸਿੱਧੀਆਂ ਰੱਖੀਆਂ ਜਾਂਦੀਆਂ ਹਨ ਤਾਂ ਬਲੱਡ ਪ੍ਰੈਸ਼ਰ ਕਾਫ਼ੀ ਘੱਟ ਜਾਂਦਾ ਹੈ। ਬਲੱਡ ਪ੍ਰੈਸ਼ਰ ਨੂੰ ਥੋੜ੍ਹਾ ਸਥਿਰ ਕਰਨ ਲਈ ਉਨ੍ਹਾਂ ਦੀਆਂ ਲੱਤਾਂ ਨੂੰ ਉੱਚਾ ਰੱਖਣਾ ਪੈ ਰਿਹਾ ਹੈ। ਉਨ੍ਹਾਂ ਨੂੰ ਬੋਲਣ ਵਿੱਚ ਵੀ ਮੁਸ਼ਕਲ ਆ ਰਹੀ ਹੈ। ਬੁੱਧਵਾਰ ਨੂੰ ਉਹ ਪੂਰਾ ਦਿਨ ਆਪਣੀ ਟਰਾਲੀ ਵਿੱਚ ਹੀ ਰਹੇ। ਉਨ੍ਹਾਂ ਨੇ ਆਪਣੇ ਨਜ਼ਦੀਕੀ ਕਿਸਾਨ ਆਗੂ ਕਾਕਾ ਸਿੰਘ ਕੋਟੜਾ ਰਾਹੀਂ ਸੁਨੇਹਾ ਦਿੱਤਾ ਹੈ ਕਿ ਉਨ੍ਹਾਂ ਦੇ ਮਰਨ ਤੋਂ ਬਾਅਦ ਵੀ ਮਰਨ ਵਰਤ ਦੇ ਰੂਪ 'ਚ ਇਹ ਮੋਰਚਾ ਇਸੇ ਤਰ੍ਹਾਂ ਚੱਲਦਾ ਰਹੇ। ਡੱਲੇਵਾਲ ਦੇ ਪੋਤਰੇ ਜਿਗਰਜੋਤ ਸਿੰਘ ਨੇ ਨਿਢਾਲ ਪਏ ਦਾਦੇ ਨੂੰ ਹੌਸਲਾ ਦਿੱਤਾ ਕਿ 'ਦਾਦਾ ਜੀ ਆਪਾਂ ਮੋਰਚਾ ਜਿੱਤ ਕੇ ਘਰ ਨੂੰ ਮੁੜਨਾ ਹੈ।' ਡੱਲੇਵਾਲ ਦੇ ਬਚਪਨ ਦੇ ਦੋਸਤ ਸਾਬਕਾ ਫ਼ੌਜੀ ਸੁਖਦੇਵ ਸਿੰਘ ਨੇ ਕਿਹਾ ਹੈ ਕਿ ਡੱਲੇਵਾਲ ਕਹੀ ਗੱਲ ਤੋਂ ਪਿਛਾਂਹ ਨਹੀਂ ਮੁੜਦਾ, ਉਹ ਕਹਿਣੀ ਕਥਨੀ ਦਾ ਪੂਰਾ ਹੈ ਤੇ ਰਹੇਗਾ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਕਿਸਾਨੀ ਮੰਗਾਂ ਪ੍ਰਵਾਨ ਕਰੇ। ਉਧਰ, ਸਮਾਜਵਾਦੀ ਪਾਰਟੀ ਨੇ ਕਿਸਾਨ ਅੰਦੋਲਨ ਦੀ ਹਮਾਇਤ ਕੀਤੀ ਹੈ। ਉੱਤਰ ਪ੍ਰਦੇਸ਼ ਦੇ ਮੁਜ਼ੱਫਰਨਗਰ ਤੋਂ ਪਾਰਟੀ ਦੇ ਸੰਸਦ ਮੈਂਬਰ ਤੇ ਰਾਸ਼ਟਰੀ ਜਨਰਲ ਸਕੱਤਰ ਹਰਿੰਦਰ ਮਲਿਕ ਨੇ ਬੁੱਧਵਾਰ ਨੂੰ ਡੱਲੇਵਾਲ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਕਿਸਾਨਾਂ ਦੀ ਪਾਰਟੀ ਸੁਪਰੀਮੋ ਅਖਿਲੇਸ਼ ਯਾਦਵ ਨਾਲ ਫ਼ੋਨ 'ਤੇ ਗੱਲ ਕਰਵਾਈ।



## ਲਾਸ ਏਂਜਲਸ 'ਚ ਲੱਗੀ ਅੱਗ ਹੋਈ ਬੇਕਾਬੂ ! 100,000 ਤੋਂ ਵੱਧ ਲੋਕਾਂ ਨੂੰ ਘਰ ਖਾਲੀ ਦੇ ਆਦੇਸ਼, 1000 ਤੋਂ ਵੱਧ ਸੜੇ, ਐਮਰਜੈਂਸੀ ਦਾ ਐਲਾਨ



**ਵਾਸ਼ਿੰਗਟਨ, 9 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਭਿਆਨਕ ਜੰਗਲੀ ਅੱਗ ਨੇ ਲਾਸ ਏਂਜਲਸ ਨੂੰ ਘੇਰ ਲਿਆ ਹੈ, ਜਿਸ ਵਿੱਚ ਘੱਟੋ-ਘੱਟ ਪੰਜ ਲੋਕਾਂ ਦੀ ਮੌਤ ਹੋ ਗਈ ਹੈ, ਸੈਂਕੜੇ ਘਰ ਤਬਾਹ ਹੋ ਗਏ ਹਨ ਜਦੋਂ ਕਿ 100,000 ਤੋਂ ਵੱਧ ਲੋਕਾਂ ਨੂੰ ਖਾਲੀ ਕਰਨ ਦੇ ਹੁਕਮ ਦਿੱਤੇ ਗਏ ਹਨ। ਜ਼ਿਕਰ ਕਰ ਦਈਏ ਕਿ ਕੈਲੀਫੋਰਨੀਆ ਦੇ ਲਾਸ ਏਂਜਲਸ ਖੇਤਰ ਵਿੱਚ ਤੇਜ਼ ਹਵਾਵਾਂ ਕਾਰਨ ਮੰਗਲਵਾਰ (7 ਜਨਵਰੀ) ਨੂੰ ਲੱਗੀ ਜੰਗਲ ਦੀ ਅੱਗ ਨੇ ਭਿਆਨਕ ਰੂਪ ਧਾਰਨ ਕਰ ਲਿਆ। ਰਿਪੋਰਟ ਅਨੁਸਾਰ, 97 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਹਵਾ ਚੱਲਣ ਕਾਰਨ ਅੱਗ ਤੇਜ਼ੀ ਨਾਲ ਫੈਲ ਗਈ, ਜਿਸ ਕਾਰਨ 5 ਲੋਕਾਂ ਦੀ ਮੌਤ ਹੋ ਗਈ ਤੇ ਕਈ ਜ਼ਖਮੀ ਹੋ ਗਏ। ਇਸ ਹਾਦਸੇ ਵਿੱਚ ਇੱਕ ਹਜ਼ਾਰ ਤੋਂ ਵੱਧ ਘਰ ਤਬਾਹ ਹੋ ਗਏ ਅਤੇ ਹਜ਼ਾਰਾਂ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਜਾਣਾ ਪਿਆ। ਮੰਗਲਵਾਰ ਸ਼ਾਮ ਨੂੰ ਲਾਸ ਏਂਜਲਸ ਦੇ ਉੱਤਰ-ਪੂਰਬ ਵਿੱਚ ਇੱਕ ਕੁਦਰਤੀ ਰਿਜ਼ਰਵ ਖੇਤਰ ਦੇ ਨੇੜੇ ਲੱਗੀ ਅੱਗ ਨੇ 2,000 ਏਕੜ ਤੋਂ ਵੱਧ ਨੂੰ ਆਪਣੀ ਲਪੇਟ ਵਿੱਚ ਲੈ ਲਿਆ। ਤੇਜ਼ ਹਵਾਵਾਂ ਨੇ ਅੱਗ ਨੂੰ ਹੋਰ ਭੜਕਾਇਆ, ਜਿਸ ਕਾਰਨ ਸਥਿਤੀ ਕਾਬੂ ਤੋਂ ਬਾਹਰ ਹੋ ਗਈ। ਬੁੱਧਵਾਰ (8 ਜਨਵਰੀ) ਨੂੰ ਹਵਾ ਦੀ ਗਤੀ 129 ਕਿਲੋਮੀਟਰ ਪ੍ਰਤੀ ਘੰਟਾ ਤੱਕ ਪਹੁੰਚ ਗਈ, ਜਿਸ ਕਾਰਨ ਅੱਗ 'ਤੇ ਕਾਬੂ ਪਾਉਣਾ ਮੁਸ਼ਕਲ ਹੋ ਗਿਆ। ਅੱਗ ਨੇ ਜੈਮੀ ਲੀ ਕਰਟਿਸ, ਮਾਰਕ ਹੈਮਿਲ, ਮੈਂਡੀ ਮੂਰ ਤੇ ਜੇਮਸ ਵੁੱਡਸ ਵਰਗੇ ਹਾਲੀਵੁੱਡ ਸਿਤਾਰਿਆਂ ਨੂੰ ਆਪਣੇ ਘਰ ਛੱਡਣ ਲਈ ਮਜਬੂਰ ਕਰ ਦਿੱਤਾ। ਆਪਣੇ ਘਰਾਂ ਤੋਂ ਨਿਕਲਦੇ ਸਮੇਂ ਬਹੁਤ ਸਾਰੇ ਲੋਕ ਆਪਣੇ ਵਾਹਨ ਵੀ ਪਿੱਛੇ ਛੱਡ ਗਏ, ਜਿਸ ਕਾਰਨ ਸੜਕਾਂ 'ਤੇ ਟ੍ਰੈਫਿਕ ਜਾਮ ਹੋ ਗਿਆ। ਇਸ ਤੋਂ ਬਾਅਦ, ਬੁਲਡੋਜ਼ਰ ਨਾਲ ਰਸਤਾ ਬਣਾਉਣ ਲਈ ਪਾਰਕ ਕੀਤੀਆਂ ਕਾਰਾਂ ਨੂੰ ਹਟਾਉਣਾ ਪਿਆ। ਗਵਰਨਰ ਗੈਵਿਨ ਨਿਊਸਮ ਨੇ ਘਟਨਾ ਸਥਾਨ ਦਾ ਦੌਰਾ ਕੀਤਾ ਅਤੇ ਐਮਰਜੈਂਸੀ ਦੀ ਸਥਿਤੀ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ 70,000 ਵਸਨੀਕਾਂ ਨੂੰ ਖਾਲੀ ਕਰਨ ਦੇ ਹੁਕਮ ਦਿੱਤੇ ਗਏ ਹਨ ਤੇ 13,000 ਤੋਂ ਵੱਧ ਇਮਾਰਤਾਂ ਖ਼ਤਰੇ ਵਿੱਚ ਹਨ। ਅਧਿਕਾਰੀਆਂ ਨੇ ਕਿਹਾ ਕਿ ਜ਼ਖਮੀਆਂ ਵਿੱਚ ਉਹ ਲੋਕ ਵੀ ਸ਼ਾਮਲ ਹਨ ਜਿਨ੍ਹਾਂ ਨੇ ਨਿਕਾਸੀ ਦੇ ਹੁਕਮਾਂ ਦੀ ਅਣਦੇਖੀ ਕੀਤੀ ਸੀ। ਅੱਗ ਨੇ 1,000 ਤੋਂ ਵੱਧ ਘਰਾਂ ਅਤੇ ਕਾਰੋਬਾਰਾਂ ਨੂੰ ਤਬਾਹ ਕਰ ਦਿੱਤਾ ਹੈ।


## ਸੁਖਬੀਰ ਬਾਦਲ ਦੀਆਂ ਵਧੀਆਂ ਮੁਸ਼ਕਲਾਂ ! ਬਾਗੀਆਂ ਵੱਲੋਂ ਬਾਦਲ ਧੜਾ ਪੰਥ ਦਾ ਭਗੌੜਾ ਕਰਾਰ

**ਚੰਡੀਗੜ੍ਹ, 9 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸੁਖਬੀਰ ਬਾਦਲ ਤੇ ਉਨ੍ਹਾਂ ਦੇ ਹਮਾਇਤੀਆਂ ਦੀਆਂ ਮੁਸ਼ਕਲਾਂ ਵਧਦੀਆਂ ਜਾ ਰਹੀਆਂ ਹਨ। ਸ਼੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਦੋ ਦਸੰਬਰ ਨੂੰ ਜਾਰੀ ਹੁਕਮਨਾਮਾ ਲਾਗੂ ਨਾ ਕਰਨ ਕਰਕੇ ਬਾਦਲ ਧੜੇ ਨੂੰ ਪੰਥ ਦੇ ਭਗੌੜੇ ਗਰਦਾਨਿਆ ਗਿਆ ਹੈ। ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਦੇ ਲੀਡਰਾਂ ਨੇ ਮਤਾ ਪਾਸ ਕਰਕੇ ਬਾਦਲ ਧੜੇ ਉਪਰ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਨਾਮੇ ਦੀ ਪਾਲਣਾ ਤੋਂ ਭੱਜਣ ਦੇ ਦੋਸ਼ ਲਾਏ ਹਨ। ਉਧਰ, ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਨੇ ਵੀ ਬਾਦਲ ਧੜੇ ਨੂੰ ਸ੍ਰੀ ਅਕਾਲ ਤਖਤ ਸਾਹਿਬ ਤੋਂ ਭਗੌੜੇ ਕਰਾਰ ਦਿੱਤਾ ਹੈ। ਉਨ੍ਹਾਂ ਨੇ ਕਿਹਾ ਹੈ ਕਿ ਇਹ ਲੋਕ ਸ੍ਰੀ ਅਕਾਲ ਤਖਤ ਸਾਹਿਬ ਨੂੰ ਚੈਲੰਜ ਕਰ ਰਹੇ ਹਨ। ਦਰਅਸਲ ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਦੀ ਲੀਡਰਸ਼ਿਪ ਵੱਲੋਂ ਦੋ ਦਸੰਬਰ ਨੂੰ ਸ਼੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਤੋਂ ਜਾਰੀ ਹੋਏ ਹੁਕਮਨਾਮੇ ਦੀ ਪਾਲਣਾ ਤੋਂ ਭੱਜਣ ਦੇ ਦੋਸ਼ਾਂ ਦੇ ਹਵਾਲੇ ਨਾਲ ਸੁਖਬੀਰ ਬਾਦਲ ਦੇ ਧੜੇ ਨੂੰ ਖਾਲਸਾ ਪੰਥ ਦੀ ਕਚਹਿਰੀ ਵਿੱਚੋਂ ਭਗੌੜਾ ਕਰਾਰ ਦੇਣ ਸਬੰਧੀ ਮਤਾ ਪਾਸ ਕੀਤਾ ਗਿਆ ਹੈ। ਇਹ ਫੈਸਲਾ ਬੁੱਧਵਾਰ ਨੂੰ ਪਟਿਆਲਾ ਵਿੱਚ ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ ਦੇ ਨਿਵਾਸ 'ਤੇ ਹੋਈ ਮੀਟਿੰਗ ਵਿੱਚ ਲਿਆ ਗਿਆ। ਮੀਟਿੰਗ ਦੀ ਅਗਵਾਈ ਕਰਦਿਆਂ ਸੁਧਾਰ ਲਹਿਰ ਦੇ ਕਨਵੀਨਰ ਰਹੇ ਗੁਰਪ੍ਰਤਾਪ ਸਿੰਘ ਵਡਾਲਾ ਨੇ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਸ਼੍ਰੀ ਅਕਾਲ ਤਖ਼ਤ ਸਾਹਿਬ ਤੋਂ ਭਗੌੜੀ ਹੋ ਚੁੱਕੀ ਧਿਰ ਨੂੰ ਸਬਕ ਸਿਖਾਉਣ। ਬਾਦਲ ਦਲ ਦੀ ਮਾਘੀ ਕਾਨਫਰੰਸ 'ਤੇ ਤਨਜ਼ ਕੱਸਦਿਆਂ ਪ੍ਰੇਮ ਸਿੰਘ ਚੰਦੂਮਾਜਰਾ ਨੇ ਕਿਹਾ ਕਿ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਨਾਮੇ ਤੋਂ ਭਗੌੜਾ ਹੋ ਕੇ ਹੁਣ ਸੁਖਬੀਰ ਬਾਦਲ ਲੋਕਾਂ ਨੂੰ ਸੰਬੋਧਨ ਕਰਨਗੇ। ਪਰਮਿੰਦਰ ਸਿੰਘ ਢੀਂਡਸਾ ਨੇ ਵੀ ਬਾਦਲਕਿਆਂ ਨੂੰ ਪੰਥ ਦੇ ਭਗੌੜੇ ਗਰਦਾਨਿਆ। ਬੀਬੀ ਜਗੀਰ ਕੌਰ ਤੇ ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ਉਸਾਰੂ ਤੇ ਪੰਥਕ ਸੋਚ ਵਾਲੇ ਸੱਜਣ ਐੱਸਜੀਪੀਸੀ ਚੋਣਾਂ ਲਈ ਇਕੱਠੇ ਹੋਣ। ਸੁੱਚਾ ਸਿੰਘ ਛੋਟੇਪੁਰ ਤੇ ਬਲਦੇਵ ਸਿੰਘ ਮਾਨ ਨੇ ਕਿਹਾ ਕਿ ਖਾਲਸਾ ਪੰਥ ਤੇ ਪੰਥਕ ਸੰਸਥਾਵਾਂ ਨੂੰ ਢਾਅ ਲਾਉਣ ਵਾਲਿਆਂ ਖਿਲਾਫ਼ ਡਟ ਕੇ ਲੜਾਈ ਲੜੀ ਜਾਵੇ। ਉਧਰ, ਸ਼੍ਰੋਮਣੀ ਅਕਾਲੀ ਦਲ ਨੇ ਬੁੱਧਵਾਰ ਨੂੰ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨਾਲ ਮੁਲਾਕਾਤ ਮਗਰੋਂ 10 ਜਨਵਰੀ ਨੂੰ ਬਾਅਦ ਦੁਪਹਿਰ 3 ਵਜੇ ਪਾਰਟੀ ਦੇ ਮੁੱਖ ਦਫ਼ਤਰ ਚੰਡੀਗੜ੍ਹ ਵਿੱਚ ਵਰਕਿੰਗ ਕਮੇਟੀ ਦੀ ਮੀਟਿੰਗ ਸੱਦ ਲਈ ਹੈ। ਇਸ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ ਵੱਲੋਂ ਦਿੱਤੇ ਅਸਤੀਫੇ ਬਾਰੇ ਫੈਸਲਾ ਕੀਤਾ ਜਾਵੇਗਾ ਤੇ ਹੋਰ ਮਾਮਲੇ ਵਿਚਾਰੇ ਜਾਣਗੇ। ਇਸ ਤੋਂ ਪਹਿਲਾਂ ਅਕਾਲੀ ਲੀਡਰ ਸ਼੍ਰੀ ਅਕਾਲ ਤਖ਼ਤ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਮਿਲੇ ਤੇ ਮੰਗ ਪੱਤਰ ਸੌਂਪਿਆ। ਇਸ ਮੰਗ ਪੱਤਰ ਵਿੱਚ ਪਾਰਟੀ ਦੀਆਂ ਜਥੇਬੰਦਕ ਚੋਣਾਂ ਕਰਵਾਉਣ ਦੇ ਰਾਹ 'ਚ ਕਾਨੂੰਨੀ ਰੁਕਾਵਟਾਂ ਦਾ ਹਵਾਲਾ ਦਿੱਤਾ। ਉਨ੍ਹਾਂ ਭਰੋਸਾ ਦਵਾਇਆ ਕਿ ਪਾਰਟੀ ਦੀ ਵਰਕਿੰਗ ਕਮੇਟੀ ਛੇਤੀ ਹੀ ਮੀਟਿੰਗ ਕਰਕੇ ਅਗਲੀਆਂ ਜਥੇਬੰਦਕ ਚੋਣਾਂ ਤੇ ਪਾਰਟੀ ਦੀ ਮੈਂਬਰਸ਼ਿਪ ਭਰਤੀ ਬਾਰੇ ਫੈਸਲਾ ਲਵੇਗੀ। ਬਾਦਲ ਧੜੇ ਵੱਲੋਂ ਡਾ. ਦਲਜੀਤ ਸਿੰਘ ਚੀਮਾ ਨੇ ਦੱਸਿਆ ਕਿ ਪਾਰਟੀ ਦੇ ਵਫਦ ਨੇ ਜਥੇਦਾਰ ਨੂੰ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਹਮੇਸ਼ਾ ਹੀ ਅਕਾਲ ਤਖ਼ਤ ਸਾਹਿਬ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕੀਤੀ ਹੈ। ਸਾਰੇ ਪਾਰਟੀ ਆਗੂਆਂ ਨੇ ਅਕਾਲ ਤਖ਼ਤ ਦੇ ਹੁਕਮਾਂ ਮੁਤਾਬਕ ਉਨ੍ਹਾਂ ਨੂੰ ਸੁਣਾਈ ਧਾਰਮਿਕ ਸਜ਼ਾ ਦੀ ਪਾਲਣਾ ਕੀਤੀ ਹੈ ਤੇ ਸੁਖਬੀਰ ਬਾਦਲ ਨੇ ਵੀ ਪਾਰਟੀ ਪ੍ਰਧਾਨ ਵਜੋਂ ਅਸਤੀਫਾ ਦੇ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਅਕਾਲ ਤਖਤ ਵੱਲੋਂ ਦਿੱਤੇ ਹੁਕਮਾਂ ਮੁਤਾਬਕ 7 ਮੈਂਬਰੀ ਕਮੇਟੀ ਬਣਾਉਣ 'ਚ ਕੁਝ ਤਕਨੀਕੀ ਮਸਲੇ ਸਾਹਮਣੇ ਆ ਰਹੇ ਹਨ। ਇਨ੍ਹਾਂ ਮਸਲਿਆਂ ਬਾਰੇ ਜਥੇਦਾਰ ਨੂੰ ਜਾਣੂ ਕਰਵਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਸਾਰੀਆਂ ਸੰਵਿਧਾਨਕ ਸੋਧਾਂ, ਸੁਪਰੀਮ ਕੋਰਟ ਦੀਆਂ ਹਦਾਇਤਾਂ ਤੇ ਚੋਣ ਕਮਿਸ਼ਨ ਦੇ ਦਿਸ਼ਾ ਨਿਰਦੇਸ਼ਾਂ ਬਾਰੇ ਵੀ ਅਕਾਲ ਤਖਤ ਦੇ ਜਥੇਦਾਰ ਨੂੰ ਜਾਣੂ ਕਰਵਾਇਆ ਗਿਆ ਹੈ।



## ਭਾਈ ਅੰਮ੍ਰਿਤਪਾਲ ਸਿੰਘ ਅਤੇ ਅਰਸ਼ ਡੱਲਾ 'ਤੇ ਲੱਗਿਆ UAPA





**ਚੰਡੀਗੜ੍ਹ, 9 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸ੍ਰੀ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਅਤੇ ਵਿਦੇਸ਼ ਵਿੱਚ ਰਹਿੰਦੇ ਅਰਸ਼ਦੀਪ ਸਿੰਘ ਉਰਫ਼ ਅਰਸ਼ ਡੱਲਾ ਉੱਤੇ ਗੈਰ-ਕਾਨੂੰਨੀ ਗਤੀਵਿਧੀਆਂ (ਰੋਕਥਾਮ) ਐਕਟ (UAPA) ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਇਹ ਕਾਰਵਾਈ 9 ਅਕਤੂਬਰ 2022 ਨੂੰ ਫਰੀਦਕੋਟ ਵਿੱਚ ਹੋਏ ਗੁਰਪ੍ਰੀਤ ਸਿੰਘ ਹਰੀਨੌਂ ਦੇ ਕਤਲ ਦੇ ਸਬੰਧ ਵਿੱਚ ਕੀਤੀ ਗਈ ਹੈ। ਪੁਲਿਸ ਦੇ ਕਹਿਣ ਅਨੁਸਾਰ ਅੰਮ੍ਰਿਤਪਾਲ ਸਿੰਘ ਅਤੇ ਅਰਸ਼ ਡੱਲਾ ਹਰੀਨੌਂ ਦੇ ਕਤਲ ਵਿੱਚ ਸ਼ਾਮਲ ਸਨ। ਪੁਲਿਸ ਦੇ ਕਹਿਣ ਅਨੁਸਾਰ ਹਰੀਨੌਂ, ਜੋ ਪਹਿਲਾਂ 'ਵਾਰਿਸ ਪੰਜਾਬ ਦੇ' ਸੰਗਠਨ ਦੇ ਵਿੱਤ ਸਕੱਤਰ ਸੀ, ਦੀਪ ਸਿੱਧੂ ਦੀ ਮੌਤ ਤੋਂ ਬਾਅਦ ਸੰਗਠਨ ਤੋਂ ਵੱਖ ਹੋ ਗਿਆ ਸੀ। ਇਸ ਤੋਂ ਬਾਅਦ ਅੰਮ੍ਰਿਤਪਾਲ ਸਿੰਘ ਨੇ ਸੰਸਥਾ ਦਾ ਚਾਰਜ ਸੰਭਾਲ ਲਿਆ। ਪੁਲਿਸ ਨੇ ਇਹ ਵੀ ਕਿਹਾ ਕਿ ਗੋਲੀਬਾਰੀ ਕਰਨ ਵਾਲਿਆਂ ਤੋਂ ਇਲਾਵਾ, ਤਿੰਨ ਹੋਰ ਮੁਲਜ਼ਮਾਂ ਨੇ ਵੀ ਹਰੀਨੌਂ ਦੇ ਕਤਲ ਲਈ ਰੇਕੀ ਕੀਤੀ ਸੀ। ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਪਹਿਲਾਂ ਹੀ ਰਾਸ਼ਟਰੀ ਸੁਰੱਖਿਆ ਐਕਟ (NSA) ਦੇ ਤਹਿਤ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਹਨ। ਹੁਣ, ਇਸ ਮਾਮਲੇ ਵਿੱਚ UAPA ਧਾਰਾਵਾਂ ਲਾਗੂ ਹੋਣ ਕਾਰਨ, ਉਨ੍ਹਾਂ ਦੀ ਕਾਨੂੰਨੀ ਸਥਿਤੀ ਹੋਰ ਵੀ ਮੁਸ਼ਕਲ ਹੋ ਸਕਦੀ ਹੈ। ਪੁਲਿਸ ਨੇ ਇਸ ਮਾਮਲੇ ਵਿੱਚ ਚਾਰਜਸ਼ੀਟ ਦਾਇਰ ਕਰਨ ਤੋਂ ਪਹਿਲਾਂ ਯੂਏਪੀਏ ਦੀਆਂ ਧਾਰਾਵਾਂ ਵੀ ਜੋੜੀਆਂ ਹਨ। ਹੁਣ ਤੱਕ, ਇਸ ਮਾਮਲੇ ਵਿੱਚ ਕੁੱਲ ਛੇ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ, ਜਿਨ੍ਹਾਂ ਵਿੱਚ ਕਤਲ ਕਰਨ ਵਾਲੇ ਦੋ ਸ਼ੂਟਰ ਅਤੇ ਰੇਕੀ ਕਰਨ ਵਾਲੇ ਤਿੰਨ ਹੋਰ ਮੁਲਜ਼ਮ ਸ਼ਾਮਲ ਹਨ। ਯੂਏਪੀਏ ਦੀਆਂ ਧਾਰਾਵਾਂ ਤਹਿਤ ਕੀਤੀ ਗਈ ਇਹ ਕਾਰਵਾਈ ਅੰਮ੍ਰਿਤਪਾਲ ਸਿੰਘ ਅਤੇ ਅਰਸ਼ ਡੱਲਾ 'ਤੇ ਕਾਨੂੰਨੀ ਦਬਾਅ ਨੂੰ ਹੋਰ ਵਧਾ ਸਕਦੀ ਹੈ, ਜਿਸ ਨਾਲ ਉਨ੍ਹਾਂ ਵਿਰੁੱਧ ਜਾਂਚ ਅਤੇ ਦੋਸ਼ਾਂ ਦਾ ਦਾਇਰਾ ਹੋਰ ਵਧ ਸਕਦਾ ਹੈ।



ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ ਲਈ
ਗੁਰੂਘਰਾਂ ਦੇ ਸੇਵਾਦਾਰ, ਸਾਰੀ ਦੁਨੀਆਂ ਵਿੱਚ ਸਿੱਖ ਧਰਮ ਸਰਬ ਸਾਂਝੀਵਾਲਤਾ ਦਾ ਪ੍ਰਚਾਰ ਅੰਮ੍ਰਿਤ ਸੰਚਾਰ ਕਰਨ, ਪੰਥ ਦੀ ਚੜਦੀਕਲਾ ਲਈ ਹਰ ਸੰਘਰਸ਼ ਵਿੱਚ ਮੋਹਰੀ ਰੋਲ ਅਦਾ ਕਰਨ, ਲੋੜਵੰਦਾਂ ਦੀ ਮੱਦਦ ਕਰਨ, ਹਰ ਸਾਲ ਗਰੀਬ ਬੱਚੀਆਂ ਦੇ ਵਿਆਹ ਕਰਨ, ਗੁਰਮਤਿ ਵਿਦਿਆ ਦਾ ਪਸਾਰ ਕਰਨ ਵਾਲੇ।
ਹਲਕਾ ਕਾਲਾਂਵਾਲੀ (ਵਾਰਡ ਨੰ: 35) ਤੋਂ ਤੁਹਾਡੇ ਆਪਣੇ ਸੇਵਾਦਾਰ ਉਮੀਦਵਾਰ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਅਜਾਦ
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ: ਹਰਮੀਤ ਸਿੰਘ ਕਾਲਕਾ
ਪ੍ਰਧਾਨ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸਰਬੱਤ ਸੰਗਤਾਂ 19 ਜਨਵਰੀ 2025 ਨੂੰ
ਚੋਣ ਨਿਸ਼ਾਨ
ਸਮੁੰਦਰੀ ਜਹਾਜ
ਦੇ ਚੋਣ ਨਿਸ਼ਾਨ ਸਮੁੰਦਰੀ ਜਹਾਜ ਦਾ ਬਟਨ ਦਬਾਕੇ ਕੇ ਉਨਾਂ ਨੂੰ ਜਿਤਾਓ ਅਤੇ ਪੰਥ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾ ਕੇ ਧੰਨਵਾਦੀ ਬਣਾਉ ਜੀ।
ਸੰਪਰਕ: 93560-60960, 93560-60953, 97284-07015


ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ ਲਈ
ਹਲਕਾ ਕਾਲਾਂਵਾਲੀ (ਵਾਰਡ ਨੰ: 35) ਤੋਂ ਤੁਹਾਡੇ ਆਪਣੇ ਸੇਵਾਦਾਰ ਉਮੀਦਵਾਰ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਅਜਾਦ
ਸਰਬੱਤ ਸੰਗਤਾਂ 19 ਜਨਵਰੀ 2025 ਨੂੰ
ਚੋਣ ਨਿਸ਼ਾਨ ਸਮੁੰਦਰੀ ਜਹਾਜ ਦਾ ਬਟਨ ਦਬਾਕੇ ਕੇ ਉਨਾਂ ਨੂੰ ਜਿਤਾਓ ਅਤੇ ਪੰਥ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾ ਕੇ ਧੰਨਵਾਦੀ ਬਣਾਉ ਜੀ।
ਚੋਣ ਨਿਸ਼ਾਨ
ਸਮੁੰਦਰੀ ਜਹਾਜ
93560-60960
97284-07015


ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ ਲਈ
ਵਾਰਡ ਨੰ: 35, ਹਲਕਾ ਕਾਲਾਂਵਾਲੀ ਤੋਂ ਉਮੀਦਵਾਰ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਅਜਾਦ
ਸੰਪਰਕ ਨੰ: 93560-60960, 93560-60953, 97284-07015
1.
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੋਣ ਨਿਸ਼ਾਨ
ਸਮੁੰਦਰੀ ਜਹਾਜ
2.
3.

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale
www.damdamitaksal.net



ਧਨਿ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for **AWAZE QAUM** Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਤੇਰੇ ਜਨ ਪਰਉਪਕਾਰੀ ਆਏ

## ਸੇਵਾਪੰਥੀ ਅੱਡਣਸ਼ਾਹੀ ਸੰਪ੍ਰਦਾਇ ਦੇ ਭੂਸ਼ਣ ਮਹਾਂਪੁਰਸ਼ ਸਚਖੰਡਵਾਸੀ ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ ਵਾਲਿਆਂ ਦੇ

## 100 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ

## 51 ਬੇਟੀਆਂ ਦੇ ਸਮੂੰਹਿਕ ਆਨੰਦ ਕਾਰਜ



ਸਚਖੰਡਵਾਸੀ
ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ

ਮਿਤੀ - 12 ਫਰਵਰੀ 2025 ਨੂੰ ਕਰਵਾਏ ਜਾ ਰਹੇ ਹਨ।
ਸਭਾਗੀਆਂ ਬੱਚੀਆਂ ਨੂੰ ਘਰ ਵਿੱਚ ਵਰਤੋਂ ਵਿਹਾਰ ਦਾ ਸਾਜੋ ਸਮਾਨ ਦੇ ਕੇ ਸਤਿਕਾਰ ਸਹਿਤ ਵਿਦਾ ਕੀਤਾ ਜਾਵੇਗਾ।

ਸੁਭਾਗੀਆਂ ਜੋੜੀਆਂ ਦੇ ਪਰਿਵਾਰ ਇਹਨਾਂ ਨੰਬਰਾਂ ਤੇ ਸੰਪਰਕ ਕਰਨ - 7901754636, 9306060960, 8146806395, 8054055473



ਮਹੰਤ ਕਾਹਨ ਸਿੰਘ ਸੇਵਾਪੰਥੀ



ਸੰਤ ਰਣਜੀਤ ਸਿੰਘ ਸੇਵਾਪੰਥੀ

ਵਿਸ਼ੇਸ਼ ਸਹਿਯੋਗ -

**ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ**

ਚੇਅਰਮੈਨ, ਸੁੱਖ ਸੇਵਾ ਸਿਮਰਨ ਟਰਸੱਟ,
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਬੇਨਤੀ ਕਰਤਾ - ਮਹੰਤ ਕਾਹਨ ਸਿੰਘ ਜੀ ਸੇਵਾਪੰਥੀ,ਸੰਤ ਰਣਜੀਤ ਸਿੰਘ ਜੀ ਸੇਵਾਪੰਥੀ ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ ਪੰਜਾਬ

ਵਾਹਿਗੁਰੂ ਜੀ ਕਾ ਖਾਲਸਾ ॥
ਵਾਹਿਗੁਰੂ ਜੀ ਕੀ ਫ਼ਤਿਹ ॥



# ਮਹਾਨ ਸ਼ਹੀਦੀ ਸਮਾਗਮ

## 19 ਜਨਵਰੀ, 2025 (ਦਿਨ ਐਤਵਾਰ)

ਗੁਰੂ ਪਿਆਰੀ ਸਾਧ ਸੰਗਤ ਜੀ ਮੁਕਤਸਰ ਦੇ 40 ਮੁਕਤੇ ਤੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਹਰੇਕ ਸਾਲ ਦੀ ਤਰਾਂ ਸ਼ਹੀਦੀ ਸਮਾਗਮ ਹੋ ਰਿਹਾ ਹੈ । ਸਾਰੀਆਂ ਸੰਗਤਾਂ ਨੂੰ ਪਰਿਵਾਰ ਸਮੇਤ ਪਹੁੰਚਣ ਦਾ ਖੁੱਲਾ ਸੱਦਾ ਦਿੱਤਾ ਜਾਂਦਾ ਹੈ। ਆਪ ਜੀ ਸਭ ਨੇ ਪਰਿਵਾਰ ਸਮੇਤ ਪਹਉਚਣ ਕ੍ਰਿਪਾਲਤਾ ਕਰਨੀ ਜੀ। ਆਪ ਜੀ ਦੇ ਅਤਿ ਧੰਨਵਾਦੀ ਹੋਵਾਂਗੇ।

### --★ ਪ੍ਰੋਗਰਾਮ ★--

19 ਜਨਵਰੀ 2025 ਦਿਨ ਐਤਵਾਰ ਭੋਗ ਸ੍ਰੀ ਸਹਿਜ ਪਾਠ ਦਾ ਸਵੇਰੇ 10 ਵਜੇ

ਸ਼ਬਦ ਕੀਰਤਨ ,ਕਥਾ ਅਤੇ ਢਾਡੀ ਜਥਾ ਪ੍ਰਸੰਗ ਸੁਣਾਵੇਗਾ

ਆਪ ਜੀ ਦਾ ਸਵਾਗਤ ਕਰਤਾ **ਸਰਦਾਰ ਬਲਜੀਤ ਸਿੰਘ ਕੰਗ ਅਤੇ ਪਰਿਵਾਰ**

★ ਵਧੇਰੇ ਜਾਣਕਾਰੀ 07780605230 ★

**Address: GURDWARA BABA SANG JI**

**9 St Paul's Rd, Smethwick Birmingham B66 1EE**

# ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

**RAGHBIR SINGH (Call : +44 7976 210161)**

**121. Broadway west Walsall, West Midlands, WS1 4DW, England uk**

## ਵਾਹਿਗੁਰੂ ਜੀ ਕੀ ਖਾਲਸਾ । ਵਾਹਿਗੁਰੂ ਜੀ ਕੀ ਫ਼ਤਹਿ ॥



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB



ਸ੍ਰੀ ਪਟਨਾ ਸਾਹਿਬ
SRI PATNA SAHIB



ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB



ਸ੍ਰੀ ਦਮਦਮਾ ਸਾਹਿਬ
SRI DAMDAMA SAHIB



ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 10 ਫਰਵਰੀ 2025 ਤੋਂ 20 ਫਰਵਰੀ 2025 ਤੱਕ ਪੰਜ ਤਖ਼ਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਵਾਰਾ ਸ਼੍ਰੀ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 10 ਫਰਵਰੀ, 2025 ਨੂੰ ਸ਼ੁਰੂ ਹੋਵੇਗੀ ਤੇ ਇੱਥੇ 20 ਫਰਵਰੀ, 2025 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜ਼ੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੰਡੀਗੜ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਬਰੇਕਫਾਸਟ ਅਤੇ ਡਿਨਰ ਸ਼ਾਮਲ
- ਲਗਜਰੀ ਏ. ਸੀ. ਟਰਾਂਸਪੋਰਟੇਸ਼ਨ।
- ਚੰਡੀਗੜ੍ਹ ਤੋਂ ਹੈਦਰਾਬਾਦ ਅਤੇ ਵਾਪਸੀ 'ਤੇ ਹੈਦਰਾਬਾਦ ਤੋਂ ਚੰਡੀਗੜ੍ਹ ਦਾ ਸਫਰ ਹਵਾਈ ਜਹਾਜ਼ ਰਾਹੀਂ।
- ਹਰ ਧਾਰਮਿਕ ਅਤੇ ਇਤਿਹਾਸਕ ਜਾਣਕਾਰੀ ਮੁਹੱਈਆ ਕਰਵਾਉਣ ਲਈ ਗਾਈਡ ਨਾਲ ਹੋਣਗੇ।

**ਇੰਡੀਆਂ ਵਿਚ ਜੁਆਇਨ ਕਰਨ ਵਾਲਿਆਂ ਲਈ ਕੇਵਲ 1190 ਬ੍ਰਿਟਿਸ਼ ਪਾਉਂਡ ਪਰ ਯਾਤਰੀ ਹੋਵੇਗਾ।**

**ਯੂ ਕੇ ਤੋਂ ਅੰਤਰਰਾਸ਼ਟਰੀ ਹਵਾਈ ਸਫ਼ਰ ਸਮੇਤ 1890 ਬ੍ਰਿਟਿਸ਼ ਪਾਉਂਡ ਪਰ ਯਾਤਰੀ ਹੋਵੇਗਾ।**

ਬੁੱਕ ਕਰਨ ਦੇ ਲਈ 600 ਪਾਉਂਡ ਐਡਵਾਂਸ ਦੇ ਤੌਰ ਤੇ ਜਮਾ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

**ਅਕਾਊਂਟ ਨੰਬਰ ਤੇ ਡਿਟੇਲ**

Account Name: RAGHBIR SINGH
Bank Name : HALIFAX
Sort Code : 11-08-07
Account No. : 00516474

ਸੰਪਰਕ ਨੰ. :

+44 7458 381111 +44 7976 210161

email: gnstuk@hotmail.com

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

*There might be an additional cost if you need direct return flight Atq –Lhr/Bhxorif your return flight is on busy dates (for example mid-term holidays etc.)

ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ

# ਪੰਜ ਤਖ਼ਤ ਯਾਤਰਾ

10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :

### 10 ਫਰਵਰੀ (ਦਿਨ 1)



ਸਾਰੀ ਸੰਗਤ ਗੁਰਦਵਾਰਾ ਦੂਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 11 ਫਰਵਰੀ (ਦਿਨ 2)



ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਉਜ਼ੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖ਼ੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 12 ਫਰਵਰੀ (ਦਿਨ 3)



ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਨਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੈਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋ ਫਿਕਸਡ ਮੈਨਿਉ 'ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 13 ਫਰਵਰੀ (ਦਿਨ 4)



ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 14 ਫਰਵਰੀ (ਦਿਨ 5)



ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 15 ਫਰਵਰੀ (ਦਿਨ 6)



ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ਼੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 16 ਫਰਵਰੀ (ਦਿਨ 7)




ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 17 ਫਰਵਰੀ (ਦਿਨ 8)



ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 18 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 19 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਂਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਉਜ਼ੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 20 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿੱਟ ਧਾਰਮਿਕ ਤੇ ਇਤਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

**ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟਿ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।**

ਆਵਾਜ਼ਿ ਕੌਮ
AWAZE QAUM

# AWAZE QAUM
# TOURS & TRAVELS


**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**


ਵਾਹਿਗੁਰੂ ਜੀ ਕੀ ਖਾਲਸਾ । ਵਾਹਿਗੁਰੂ ਜੀ ਕੀ ਫ਼ਤਹਿ ॥


ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2025 (10th Feb – 20thFeb 2025). During the stay we will try to provide you with all the possible facilities to make this trip a memorable one.**

## Trip Package Includes

**Visit to Takhat Patna Sahib & other 5 Gurudwaras - Hyderabad (Museum & Char Minar) - Takhat Hazoor Sahib & other 8 Gurudwaras - Takhat Keshgarh Sahib Sahib & other 8 Gurudwaras - Damdama Sahib & other 3 Gurudwaras. - Akal Takth, Sri Harimandir Sahib, Jallianwala Bagh & Wagah Border**

- Luxury Air-conditioned Coaches
- Luxury Hotel Stay (Sarai at Hazoor Sahib)
- Domestic Flights
- Guided Tours
- Flexibility to stay in India before & after the trip

**Cost If joining from India without international flights £ 1190 per person on Twin Sharing basis**

**Cost: If joining from UK with International flights - £1890 per person on Twin Sharing basis**

Deposit of £600 per person can be transferred into the following account (please write your name as a reference): Balance amount need to be deposited 2 weeks before the travel date.

**Account Name : RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

*There might be an additional cost if you need direct return flight Atq –Lhr/Bhxorif your return flight is on busy dates (for example mid-term holidays etc.)

**Program is subject to change without Prior Notice.**

ਆਵਾਜ਼ਿ ਕੌਮ AWAZE QAUM

## JOURNEY OF A LIFE TIME
## PANJ TAKHT YATRA
### 5 TAKHAT YATRA - 10 NIGHTS / 11 DAYS

### 10th FEB. Day 1st.



**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 11th Feb. Day 2nd.



Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 12th Feb Day 3rd



After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 13th Feb Day4th



Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 14th Feb Day5th



Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 15th Feb. Day 6th



After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 16th Feb Day 7th



After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 17th Feb Day 8th



After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 18Th Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 19th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 20th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**

ਅਕਾਲ ਤਖ਼ਤ ਮਹਾਨ ਹੈ - ਸਿੱਖ ਪੰਥ ਦੀ ਸ਼ਾਨ ਹੈ

ਅਸੀਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ,ਅਕਾਲ ਤਖ਼ਤ ਸਾਹਿਬ ਅਤੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਨੂੰ ਹਾਂ ਸਮਰਪਿਤ



ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

# ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

## 19 ਜਨਵਰੀ 2025 ਨੂੰ

## ਆਮ ਚੋਣਾਂ ਸਬੰਧੀ

# ਸਾਡਾ ਚੋਣ ਮੈਨੀਫੈਸਟੋ



ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁ. ਪ੍ਰੰ. ਕਮੇ.
ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅਜ਼ਾਦ

॥ ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਿਹ ॥

1. ਸਾਡੇ ਪ੍ਰਬੰਧ ਵਿੱਚ ਗੁਰੂਘਰਾਂ ਦੀਆਂ ਸੁੰਦਰ ਇਮਾਰਤਾਂ ਦਰਬਾਰ ਸਾਹਿਬ,ਦੀਵਾਨ ਹਾਲ ਸੰਗਤਾਂ ਲਈ ਰਿਹਾਇਸ਼ੀ ਏ.ਸੀ. ਸਰਾਵਾਂ ਸਟਾਫ਼ ਦੇ ਕੁਆਰਟਰ, ਹਰਿਆਣਾ ਕਮੇਟੀ ਦਾ ਮੁੱਖ ਦਫ਼ਤਰ ਜਥੇਦਾਰ ਕਰਤਾਰ ਸਿੰਘ ਝੱਬਰ ਦੇ ਨਾਮ ਉੱਪਰ ਬਨਾਉਣ ਅਤੇ ਮਲਟੀਪਰਪਜ ਹਾਲ ਬਣਾਉਣ ਲਈ ਵੱਖ-ਵੱਖ ਮਹਾਂਪੁਰਸ਼ਾਂ ਦੀ ਕਾਰ ਸੇਵਾ ਸ਼ੁਰੂ ਕਰਵਾਈ ਗਈ ਹੈ ਅਤੇ ਕਮੇਟੀ ਵੱਲੋਂ ਸੀਮਿੰਟ ਸਰੀਆ ਕਾਰ ਸੇਵਾ ਲਈ ਭੇਂਟ ਕੀਤਾ ਜਾ ਰਿਹਾ ਹੈ, ਇੰਨ੍ਹਾਂ ਕਾਰ ਸੇਵਾਵਾਂ ਨੂੰ ਨਿਰੰਤਰ ਜਾਰੀ ਰੱਖ ਕੇ ਪੂਰਾ ਕਰਵਾਇਆ ਜਾਵੇਗਾ।

2. ਸਾਡੇ ਪ੍ਰਬੰਧ ਦੌਰਾਨ ਧਰਮ ਪ੍ਰਚਾਰ ਦੇ ਮੁੱਖ ਦਫ਼ਤਰ ਤੋਂ ਇਲਾਵਾ 3 ਸਬ-ਦਫ਼ਤਰ ਗੁਰਦੁਆਰਾ ਨਾਢਾ ਸਾਹਿਬ ਪਾਤਸ਼ਾਹੀ 10ਵੀਂ ਪੰਚਕੂਲਾ, ਗੁਰਦੁਆਰਾ ਮੰਜੀ ਸਾਹਿਬ ਪਾਤਸ਼ਾਹੀ 9ਵੀਂ ਜੀਂਦ,ਗੁਰਦੁਆਰਾ ਪਾਤਸ਼ਾਹੀ 10ਵੀਂ ਸਿਰਸਾ ਵਿਖੇ ਖੋਲੇ ਗਏ ਹਨ, ਜਿੱਥੋਂ ਸਾਡੇ ਧਰਮ ਪ੍ਰਚਾਰ ਦੇ ਜੱਥੇ ਰਾਗੀ ਢਾਡੀ ਕਵੀਸ਼ਰ ਕਥਾਵਾਚਕ ਪਿੰਡਾਂ ਵਿੱਚ ਜਾ ਕੇ ਭੇਟਾ ਰਹਿਤ ਧਰਮ ਪ੍ਰਚਾਰ ਕਰ ਰਹੇ ਹਨ, ਇਸ ਧਰਮ ਪ੍ਰਚਾਰ ਦੀ ਸੇਵਾ ਨੂੰ ਨਿਰੰਤਰ ਜਾਰੀ ਰੱਖਿਆ ਜਾਵੇਗਾ।

3. ਸਾਡੇ ਪ੍ਰਬੰਧ ਦੌਰਾਨ ਨਵੀਆਂ ਕਾਰਾਂ ਲੈ ਕੇ ਧਰਮ ਪ੍ਰਚਾਰ ਦਫ਼ਤਰਾਂ ਦੇ ਜੱਥਿਆਂ ਨੂੰ ਦਿੱਤੀਆਂ ਗਈਆਂ ਹਨ, ਜਿੰਨ੍ਹਾਂ ਤੇ ਉਹ ਪਿੰਡਾਂ ਵਿੱਚ ਧਰਮ ਪ੍ਰਚਾਰ ਅਤੇ ਅੰਮ੍ਰਿਤ ਸੰਚਾਰ ਲਈ ਜਾਂਦੇ ਹਨ।ਇਸ ਸੇਵਾ ਨੂੰ ਨਿਰੰਤਰ ਜਾਰੀ ਰੱਖਿਆ ਜਾਵੇਗਾ।

4. ਸਾਡੇ ਪ੍ਰਬੰਧ ਵਿੱਚ ਚੱਲ ਰਹੇ 3 ਸਕੂਲਾਂ ਵਿੱਚ ਅੰਮ੍ਰਿਤਧਾਰੀ ਸਿੱਖ ਬੱਚਿਆਂ ਦੀ ਪੜ੍ਹਾਈ ਬਿਲਕੁਲ ਫਰੀ ਕੀਤੀ ਗਈ ਹੈ, 2 ਕਾਲਜਾਂ ਵਿੱਚ ਅੰਮ੍ਰਿਤਧਾਰੀ ਸਿੱਖ ਬੱਚਿਆਂ ਨੂੰ ਵਜ਼ੀਫ਼ੇ ਦਿੱਤੇ ਗਏ ਹਨ, ਇਸ ਸੇਵਾ ਨੂੰ ਅੱਗੇ ਵੀ ਜਾਰੀ ਰੱਖਿਆ ਜਾਵੇਗਾ ।

5. ਸਾਡੇ ਪ੍ਰਬੰਧ ਤੋਂ ਪਹਿਲਾਂ ਕੀਤੀ ਗਈ ਗੁਰੂ ਕੀ ਗੋਲਕ ਦੀ ਲੁੱਟ ਨੂੰ ਮੁੜ ਗੁਰੂ ਕੀ ਗੋਲਕ ਵਿੱਚ ਭਰਵਾਇਆ ਗਿਆ ਹੈ ਅਤੇ ਮੈਂਬਰ ਦੀ ਮੈਂਬਰਸ਼ਿਪ ਰੱਦ ਕੀਤੀ ਗਈ।

6. ਸਾਡੇ ਪ੍ਰਬੰਧ ਤੋਂ ਪਹਿਲਾ 15-15 ਸਾਲ ਤੋਂ ਕੰਟਰੈਕਟ ਬੇਸ ਤੇ ਚੱਲ ਰਹੇ ਕਮੇਟੀ ਮੁਲਾਜ਼ਮਾਂ ਨੂੰ ਪੱਕੇ ਕੀਤਾ ਗਿਆ ਹੈ ਅਤੇ ਯੋਗ ਨੌਜਵਾਨਾਂ ਦੀ ਨਵੀਂ ਭਰਤੀ ਕੀਤੀ ਗਈ ਹੈ।ਮੁਲਾਜ਼ਮਾਂ ਦੀਆਂ ਤਨਖਾਹਾਂ ਵਿੱਚ ਵਾਧਾ ਕੀਤਾ ਗਿਆ ਹੈ ਅਤੇ ਅੱਗੇ ਵੀ ਮੁਲਾਜ਼ਮਾਂ ਨੂੰ ਬਣਦਾ ਮਾਣ-ਸਨਮਾਨ ਦਿੱਤਾ ਜਾਵੇਗਾ।

7. ਸਾਡੇ ਪ੍ਰਬੰਧ ਅਧੀਨ ਵੱਖ ਵੱਖ ਗੁਰਦੁਆਰਿਆਂ ਵਿੱਚ ਮੁਫ਼ਤ ਮੈਡੀਕਲ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ, ਜਿਸ ਦਾ ਘੇਰਾ ਹੋਰ ਵਿਸ਼ਾਲ ਕੀਤਾ ਜਾਵੇਗਾ।

8. ਮੀਰੀ ਪੀਰੀ ਹਸਪਤਾਲ ਦਾ ਪ੍ਰਬੰਧ ਜਲਦੀ ਲੈ ਕੇ ਮੈਡੀਕਲ ਕਾਲਜ ਖੋਲਿਆ ਜਾਵੇਗਾ ਜਿਸ ਦੀ ਕਾਨੂੰਨੀ ਪ੍ਰਕਿਰਿਆ ਚੱਲ ਰਹੀ ਹੈ, ਤਾਂ ਕੇ ਹਰਿਆਣਾ ਦੇ ਸਿੱਖ ਬੱਚੇ ਡਾਕਟਰੀ ਦੀ ਪੜਾਈ ਕਰ ਸਕਣ।

9. ਸਾਡੇ ਵੱਲੋਂ IAS, IPS, IRS ਤੇ ਅਜਿਹੀਆਂ ਹੋਰ ਪ੍ਰਿਖਿਆਂਵਾਂ ਦੀ ਤਿਆਰੀ ਮੁਫ਼ਤ ਕਰਾਉਣ ਦੇ ਉਪਰਾਲੇ ਚੱਲ ਰਹੇ ਹਨ ਅਤੇ ਇਹਨਾਂ ਸੇਵਾਵਾਂ ਦਾ ਹੋਰ ਵਿਸਤਾਰ ਕੀਤਾ ਜਾਵੇਗਾ।

10. ਸਾਡੇ ਪ੍ਰਬੰਧ ਵਲੋਂ ਪੰਥਕ ਕਾਰਜਾਂ ਲਈ ਜੇਲਾਂ ਵਿੱਚ ਬੰਦ ਬੰਦੀ ਸਿੰਘਾਂ ਦੇ ਕਈ ਪ੍ਰੀਵਾਰਾਂ ਦੀ ਆਰਥਿਕ ਮੱਦਦ, ਕੈਂਸਰ ਆਦਿਕ ਭਿਆਨਕ ਬੀਮਾਰੀਆਂ ਤੋਂ ਪੀੜਤਾਂ ਦੀ ਆਰਥਿਕ ਮੱਦਦ ਕੀਤੀ ਜਾਂਦੀ ਹੈ ਜੋ ਨਿਰੰਤਰ ਜਾਰੀ ਰਹੇਗੀ।

11. ਸਾਡੇ ਪ੍ਰਬੰਧ ਵਲੋਂ ਲੋੜਵੰਦ ਪ੍ਰੀਵਾਰਾਂ ਦੇ ਹੋਰ ਸਕੂਲਾਂ ਵਿੱਚ ਪੜ੍ਹ ਰਹੇ ਬੱਚਿਆਂ ਦੀਆਂ ਵੀ ਫੀਸਾਂ ਭਰੀਆਂ ਗਈਆਂ ਹਨ, ਇਹ ਸੇਵਾ ਨਿਰੰਤਰ ਜਾਰੀ ਰੱਖੀ ਜਾਵੇਗੀ ਅਤੇ ਇਸ ਦਾ ਘੇਰਾ ਹੋਰ ਵਿਸ਼ਾਲ ਕੀਤਾ ਜਾਵੇਗਾ।

12. ਸਾਡੇ ਪ੍ਰਬੰਧ ਵਲੋਂ ਯਾਤਰੀ ਸਿੱਖ ਸੰਗਤਾਂ ਲਈ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ, ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਬਿਹਾਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨੰਦੇੜ ਵਿਖੇ ਏ.ਸੀ. ਸਰਾਵਾਂ ਜਲਦ ਬਣਾਈਆਂ ਜਾਣਗੀਆਂ।


13. ਸਾਡੇ ਵਲੋਂ ਲੋੜਵੰਦ ਪ੍ਰੀਵਾਰਾਂ ਦੀਆਂ ਸੈਂਕੜੇ ਬੱਚੀਆਂ ਦੇ ਸਮੂਹਿਕ ਵਿਆਹ ਪਿਛਲੇ ਸਮੇਂ ਵਿੱਚ ਕੀਤੇ ਗਏ ਹਨ ਅਤੇ ਉਹਨਾਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਲੋੜੀਂਦਾ ਸਾਜੋਂ ਸਮਾਨ ਦੇ ਕੇ ਵਿਦਾ ਕੀਤਾ ਜਾਂਦਾ ਹੈ ਇਹ ਸੇਵਾ ਨਿਰੰਤਰ ਜਾਰੀ ਰਹੇਗੀ ਅਤੇ ਇਸ ਦਾ ਘੇਰਾ ਹੋਰ ਵਿਸ਼ਾਲ ਕੀਤਾ ਜਾਵੇਗਾ।

**ਜੋ ਕਿਹਾ - ਉਹ ਕੀਤਾ**
**ਜੋ ਕਹਾਂਗੇ - ਉਹ ਕਰਾਂਗੇ**


ਦੇਗ ਤੇਗ ਫਤਿਹ ਪੰਥ ਕੀ ਜੀਤ
ਨਸ਼ੇ ਛੱਡੋ, ਅੰਮ੍ਰਿਤ ਛਕੋ, ਸਿੰਘ ਸਜੋ
ਪੰਥ ਬਚਾਉ, ਪੰਜਾਬ ਬਚਾਉ ਰੈਲੀ
ਪੰਜਾਬ ਦੀ ਨਵੀਂ ਸਿਆਸਤ ਦਾ
ਆਗਾਜ਼
ਪੰਜਾਬ ਦੀ ਖੇਤਰੀ ਪਾਰਟੀ ਦਾ
ਐਲਾਨ
ਮਿਤੀ 14 ਜਨਵਰੀ 2025
ਮੇਲਾ ਮਾਘੀ 'ਤੇ
ਆਵਾਜ਼ਿ ਕੌਮ
AWAZE QAUM
International Newspaper & WEB TV


"IN 1947, WE ACCEPTED THE DIVISION OF OUR LAND, BUT WE CANNOT AFFORD TO MAKE THE SAME MISTAKE AGAIN. THE SIKH NATION MUST NOT COMPROMISE ON ITS VALUES."
–SANT BABA JARNAIL SINGH JI KHALSA BHINDRANWALE
ਪੰਥਕ ਕਾਨਫਰੰਸ
PANTHIC CONFERENCE
Sunday 12th January 2025
Time: 1:00 PM to 4:00 PM
- Panthic speakers from Sikh Organizations and Gurdwaras
- Tribute to Shaheed Jathedar Bhai Gurdev Singh Ji Kaunke and ALL Shaheeds
-40th Anniversary of the 1984 Genocide (Sri Darbar Sahib)
- Insightful discussion on the International Sikh Perspective in today's global context
LIVE
On
Facebook
Youtube
Joint Program by All Jathebandian & UK Gurdwaras
GURU NANAK GURDWARA SMETHWICK
@GNGSMETHWICK
0121 558 2527
INFO@GNGSMETHWICK.COM
OPEN INVITATION TO THE SANGAT, PANTHIC ORGS AND GURDWARAS


ਗ੍ਰਾਮ ਪੰਚਾਇਤ ਢੰਡੋਵਾਲ ਵੱਲੋਂ ਸ਼ਹੀਦ ਬਾਬਾ ਸੁਖਚੇਤ ਸਿੰਘ ਜੀ ਦੇ ਸ਼ਹੀਦੀ ਅਸਥਾਨਾਂ 'ਤੇ
ਸਵ: ਸ. ਨਾਜਰ ਸਿੰਘ ਜੀ ਦੀ ਯਾਦ ਨੂੰ ਸਮਰਪਿਤ
58ਵਾਂ ਸਲਾਨਾ ਛਿੰਝ ਮੇਲਾ ਢੰਡੋਵਾਲ
14 ਜਨਵਰੀ 2025 ਮੰਗਲਵਾਰ
ਪਿੰਡ ਢੰਡੋਵਾਲ, ਸ਼ਾਹਕੋਟ (ਜਲੰਧਰ)
ਪਟਕੇ ਦੀ ਕੁਸ਼ਤੀ
ਭੁਪਿੰਦਰ ਅਜਨਾਲਾ
(ਪੰਜਾਬ ਕੇਸਰੀ)
ਪ੍ਰਿਤਪਾਲ ਫਗਵਾੜਾ
(ਭਾਰਤ ਕੇਸਰੀ)
ਇਸ ਤੋਂ ਇਲਾਵਾ ਸਹਿਬਾਜ਼ ਆਲਮਗੀਰ, ਗੌਰਵ ਅਜਨਾਲਾ,
ਸੁਰਿੰਦਰ ਸ਼ਾਹਕੋਟ, ਸੁਜਲ ਫਗਵਾੜਾ, ਨੂਰ ਆਲਮਗੀਰ,
ਮੁਕੇਸ਼ ਕੌਹਾਲੀ, ਅਜੇ ਪਾਲ ਖੰਨਾ, ਜੱਸਾ ਫਗਵਾੜਾ
ਨੋਟ: ਸਿਰਫ਼ ਸੱਦੇ ਹੋਏ ਅਖਾੜਿਆਂ ਦੇ
ਪਹਿਲਵਾਨਾਂ ਦੀਆਂ ਹੀ ਕੁਸ਼ਤੀਆਂ ਹੋਣਗੀਆਂ।
ਵੱਲੋਂ: ਗ੍ਰਾਮ ਪੰਚਾਇਤ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂਹ ਨਗਰ ਨਿਵਾਸੀ ਪਿੰਡ ਢੰਡੋਵਾਲ
ਸੰਪਰਕ: 98151-02950, 82840-32366, 97798-12352
ਛਿੰਝ ਮੇਲੇ ਦਾ ਲਾਈਵ ਪ੍ਰਸਾਰਣ
ਆਵਾਜ਼ਿ ਕੌਮ AWAZE QAUM WEB TV
'ਤੇ ਦੇਖਿਆ ਜਾ ਸਕਦਾ ਹੈ।








ਆਵਾਜ਼ਿ ਕੌਮ
AWAZE QAUM
International Newspaper & WEB TV





# ਕਥਾ ਵਿਚਾਰ

ਮਿਤੀ 06/01/2025

ਤੋਂ 12/01/2025

ਸਮਾਂ 6:15pm



## ਗੁਰੂ ਹਰਿਗੋਬਿੰਦ ਸਾਹਿਬ ਜੀ
## ਟਿਵਿਡੇਲ ਬਰਮੀਗਮ

## ਗਿਆਨੀ ਬਘੇਲ ਸਿੰਘ ਜੀ




### ਦੀ ਰੈਵੀਨਿਊ ਪਟਵਾਰ ਯੂਨੀਅਨ ਜ਼ਿਲ੍ਹਾ ਅੰਮ੍ਰਿਤਸਰ ਦੀ ਮੀਟਿੰਗ ਮੌਕੇ

# ਯੂਨੀਅਨ ਦੀ ਡਾਇਰੀ ਤੇ ਕੈਲੰਡਰ ਰਿਲੀਜ਼ ਕੀਤਾ ਗਿਆ ਪ੍ਰਧਾਨ ਸੋਹੀ

**ਜੰਡਿਆਲਾ ਗੁਰੂ, 9 ਜਨਵਰੀ (ਕੁਲਵੰਤ ਸਿੰਘ ਵਿਰਦੀ)**-ਦੀ ਰੈਵੀਨਿਊ ਪਟਵਾਰ ਯੂਨੀਅਨ ਜਿਲਾ ਅੰਮ੍ਰਿਤਸਰ ਦੀ ਮੀਟਿੰਗ ਸ੍ਰ ਗੁਰਜੰਟ ਸਿੰਘ ਸੋਹੀ ਜ਼ਿਲ੍ਹਾ ਪ੍ਰਧਾਨ ਜੀ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਅਹਿਮ ਮੁ ?ਦਿਆ ਤੇ ਖੁ ?ਲ ਕੇ ਵਿਚਾਰ ਚਰਚਾ ਹੋਈ ਜਿਸ ਵਿੱਚ ਪੰਜਾਬ ਬਾਡੀ ਦੇ ਅੰਦੇਸ਼ ਮੁਤਾਬਿਕ ਸਟੇਟ ਕੇਡਰ ਸਬੰਧੀ ਸਘੰਰਸ਼ ਵਿ ?ਡਣ ਲਈ ਤਹਿਸੀਲ ਪ੍ਰਧਾਨ ਸਹਿਬਾਨ ਪਾਸੋ ਰਾਏ ਲਈ ਗਈ ,ਅਤੇ ਤਹਿਸੀਲ ਪ ?ਧਰ ਤੇ ਆ ਰਹੀਆ ਦਰਪੇਸ਼ ਮੁਸ਼ਿਕਲਾ ਜਿਵੇ 5 ਸੇਵਾ,ਇੰਤਕਾਲ ਪੈਡੰਸ਼ੀ, ਪਟਵਾਰੀਆ ਦੇ ਪੈਂਡਿੰਗ ਮੈਡੀਕਲ ਬਿ ?ਲ, 4,9,14 ਇਨਕਰੀਮੈਂਟ ਸਬੰਧੀ ਵਿਚਾਰ ਚਰਚਾ ਹੋਈ ਜਿਸ ਤੇ ਸੋਹੀ ਸਾਬ ਨੇ ਬੋਲਦਿਆ ਕਿਹਾ ਕਿ ਜੇਕਰ ਕਿਸੇ ਵੀ ਪਟਵਾਰੀ ਸਾਥੀ ਨੂੰ ਕੋਈ ਮੁਸ਼ਿਕਲ ਆਉਦੀ ਹੈ ਤਾ ਆਪਣੀ ਤਹਿਸੀਲ ਦੇ ਪ੍ਰਧਾਨ ਦੇ ਧਿਆਨ ਵਿੱਚ ਲਿਆਉਣ ਜੇਕਰ ਜਿਲਾ ਪੱਧਰ ਤੇ ਕੋਈ ਮੁਸ਼ਿਕਲ ਆਉਦੀ ਹੈ ਤਾ ਜਿਲਾ ਬਾਡੀ ਦੇ ਧਿਆਨ ਵਿੱਚ ਲਿਆਉਣ ਤਾ ਜੋ ਉਸ ਦਾ ਪ੍ਰਸਾਸ਼ਨ ਨਾਲ ਰਾਬਤਾ ਕਰਕੇ ਹੱਲ ਕੱਢਿਆ ਜਾ ਸਕੇ ਮੀਟਿੰਗ ਤੋ ਬਾਅਦ ਜਿਲਾ ਮਾਲ ਅਫਸਰ ਨਵਕੀਰਤ ਸਿੰਘ ਰੰਧਾਵਾ ਅੰਮ੍ਰਿਤਸਰ ਪਾਸੋਂ ਦੀ ਰੈਵੀਨਿਊ ਪਟਵਾਰ ਯੂਨੀਅਨ ਦੀ ਡਾਇਰੀ ਤੇ ਕੈਲੰਡਰ ਰਲੀਜ਼ ਕਰਵਾਇਆ ਗਿਆ ,ਜਿਲਾ ਮਾਲ ਅਫਸਰ ਵਲੋਂ ਯੂਨੀਅਨ ਦੇ ਨੁਮਾਇੰਦਿਆ ਨੂੰ ਨਵੇਂ ਸਾਲ ਦੀ ਮੁਬਾਰਕਬਾਦ ਦਿੰਦੇ ਹੋਏ ਸੁ ?ਭਇਛਾਵਾਂ ਪ੍ਰਗਟ ਕੀਤੀਆ, ਇਸ ਮੋਕੇ ਸ੍ਰ ਹਰਪਾਲ ਸਿੰਘ ਸਮਰਾ ਮੀਤ ਪ੍ਰਧਾਨ ਪੰਜਾਬ, ਹਰਪ੍ਰੀਤ ਸਿੰਘ ਜਨਰਲ ਸੱਕਤਰ ਜਿਲਾ,ਸਬਪ੍ਰੀਤ ਕੌਰ ਜਿਲਾ ਖਜ਼ਾਨਚੀ, ਜਸਪਾਲ ਸਿੰਘ ਸੀਨੀਅਰ ਮੀਤ ਪ੍ਰਧਾਨ, ਸੁਖਜਿੰਦਰ ਸਿੰਘ ਸਹਾਇਕ ਜਰਨਲ ਸਕੱਤਰ ਜਿਲਾ ,ਜਲਵਿੰਦਰ ਸਿੰਘ, ਰਾਜੀਵ ਕੁਮਾਰ ਦੋਵੇ ਸੀਨੀਅਰ ਮੀਤ ਪ੍ਰਧਾਨ ਜਿਲਾ 1,ਕੁਲਵਿੰਦਰ ਸਿੰਘ, ਸੁਖਚੈਨ ਸਿੰਘ ਮੀਤ ਪ੍ਰਧਾਨ ਜਿਲਾ, ਅੰਗਰੇਜ ਸਿੰਘ ਹੰਜਰਾ ਤਹਿਸੀਲ ਪ੍ਰਧਾਨ ਬਾਬਾ ਬਕਾਲਾ ਸਾਹਿਬ, ਜੋਬਨਜੀਤ ਸਿੰਘ ਗਿੱਲ ਤਹਿਸੀਲ ਪ੍ਰਧਾਨ ਅੰਮ੍ਰਿਤਸਰ 2,ਸੋਰਭ ਸ਼ਰਮਾ ਤਹਿਸੀਲ ਪ੍ਰਧਾਨ ਅੰਮ੍ਰਿਤਸਰ 1,ਗੁਰਬਾਜ ਸਿੰਘ ਤਹਿਸੀਲ ਪ੍ਰਧਾਨ ਅਜਨਾਲਾ,ਮਨਿੰਦਰ ਸਿੰਘ ਜਨਰਲ ਸਕੱਤਰ ਤਹਿਸੀਲ ਅੰਮ੍ਰਿਤਸਰ2 ,ਦੀਪਕ ਮਸੀਹ ਜਨਰਲ ਸਕੱਤਰ ਤਹਿਸੀਲ ਲੋਪੋਕੇ, ਜਸਵਿੰਦਰ ਸਿੰਘ ਬੇਦੀ ਜਨਰਲ ਸਕੱਤਰ ਤਹਿਸੀਲ ਮਜੀਠਾ,2,ਰਾਜੀਵ ਕੁਮਾਰ ਖਜ਼ਾਨਚੀ ਤਹਿਸੀਲ ਅੰਮ੍ਰਿਤਸਰ 2,ਗੁਲਜ਼ਾਰ ਸਿੰਘ ਖਜ਼ਾਨਚੀ ਤਹਿਸੀਲ ਲੋਪੋਕੇ, ਹਰਪ੍ਰਤਾਪ ਸਿੰਘ ਜਿਲਾ ਨੁਮਾਇੰਦਾ,ਸੋਰਵ ਸਿੰਘ ਜਿਲਾ ਨੁਮਾਇੰਦਾ ਆਦਿ ਹਾਜ਼ਰ ਹੋਏ।



ਆਵਾਜ਼ਿ ਕੌਮ AWAZE QAUM International Newspaper & WEB TV

# ਚੇਅਰਮੈਨ ਘੁੱਲੀ ਅਤੇ ਪਰਮਜੀਤ ਸਿੰਘ ਨੇ ਕਾਂਝਲਾ ਦੇ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪਿੰਡ ਕਾਂਝਲਾ ਵਿਖੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਪੰਜਾਬ ਦੇ ਮੁੱਖ ਮੰਤਰੀ ਕੈਪਸ ਦੇ ਦਫ਼ਤਰ ਇੰਚਾਰਜ ਧੂਰੀ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ, ਆਪ ਦੇ ਸੀਨੀਅਰ ਆਗੂ ਪਰਮਜੀਤ ਸਿੰਘ ਕਾਂਝਲਾ ਨੇ ਸਾਂਝੇ ਤੌਰ ਤੇ ਕੀਤੀ ਗਈ। ਇਸ ਮੌਕੇ ਚੇਅਰਮੈਨ ਘੁੱਲੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਧੂਰੀ ਹਲਕੇ ਨੂੰ ਪੰਜਾਬ ਚੋ ਨਮੂਨੇ ਦਾ ਹਲਕਾ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣਗੇ। ਹਰ ਪਿੰਡ ਵਿੱਚ ਵਿਕਾਸ ਕਾਰਜ ਚੱਲ ਰਹੇ ਹਨ। ਇਸ ਮੌਕੇ ਆਪ ਆਗੂ ਰਣਜੋਧ ਸਿੰਘ ਕਾਂਝਲਾ ਪ੍ਰਮੁੱਖ ਉਮੀਦਵਾਰ ਜ਼ਿਲਾ ਪ੍ਰਧਾਨ ਜੋਨ ਬੇਨੜਾ, ਨਪਿੰਦਰ ਸਿੰਘ ਕਾਂਝਲਾ, ਕਰਮਜੀਤ ਸਿੰਘ ਕਾਂਝਲਾ, ਸਰਪੰਚ ਸਤਿਗੁਰ ਸਿੰਘ ,ਸਾਬਕਾ ਸਰਪੰਚ ਅਮਨਦੀਪ ਸਿੰਘ , ਪੰਚ ਗੁਰਸ਼ਰਨ ਸਿੰਘ, ਸੁਖਪਾਲ ਸਿੰਘ, ਸਰਬਜੀਤ ਸਿੰਘ, ਬਿੱਕਰ ਸਿੰਘ, ਸੋਨੀਆ ਬੇਗਮ, ਬਲਜਿੰਦਰ ਕੌਰ, ਸਤਵਿੰਦਰ ਕੌਰ, ਅਮ੍ਰਿਤਪਾਲ ਸਿੰਘ, ਅਮ੍ਰਿਤਪਾਲ ਕੌਰ ਅਤੇ , ਰੁਪਿੰਦਰ ਸਿੰਘ, ਬਸੰਤ ਕੁਮਾਰ, ਕਰਮਜੀਤ ਸਿੰਘ, ਹੇਮਾ, ਦਰਸ਼ਨ ਸਿੰਘ, ਹਰਪ੍ਰੀਤ ਸਿੰਘ, ਜੱਗਾ ਸਿੰਘ, ਮਿਸਤਰੀ ਜਸਵੀਰ ਸਿੰਘ, ਤੇ ਕੋਆਪਰੇਟਿਵ ਮੈਂਬਰ ਜਗਸੀਰ ਸਿੰਘ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਮਾਲਵਾ ਵੈਲਫੇਅਰ ਕਲੱਬ ਤਲਵੰਡੀ ਸਾਬੋ ਵੱਲੋਂ

# ਨਵੇਂ ਸਾਲ 2025 ਦਾ ਕੈਲੰਡਰ ਕੀਤਾ ਜਾਰੀ



**ਤਲਵੰਡੀ ਸਾਬੋ, 09 ਜਨਵਰੀ (ਗੁਰਜੰਟ ਸਿੰਘ ਨਥੇਹਾ)**- ਸਥਾਨਕ ਸਮਾਜਸੇਵੀ ਸੰਸਥਾ ਮਾਲਵਾ ਵੈਲਫੇਅਰ ਕਲੱਬ ਵੱਲੋਂ ਹਰ ਸਾਲ ਦੀ ਤਰ੍ਹਾਂ ਕਲੱਬ ਦੀਆਂ ਗਤੀਵਿਧੀਆਂ ਨੂੰ ਦਰਸਾਉਂਦਾ ਹੋਇਆ ਨਵੇਂ ਸਾਲ 2025 ਦਾ ਕੈਲੰਡਰ ਸਮੂਹ ਤਲਵੰਡੀ ਸਾਬੋ ਦੇ ਨਵ ਨਿਯੁਕਤ ਐਮ ਸੀ'ਜ ਵੱਲੋਂ ਅਤੇ ਸਮੂਹ ਕਲੱਬ ਮੈਂਬਰਾਂ ਵੱਲੋਂ ਰਿਲੀਜ਼ ਕੀਤਾ ਗਿਆ। ਕਲੱਬ ਪ੍ਰਧਾਨ ਗਗਨਦੀਪ ਸਿੰਘ ਹੈਪੀ ਨੇ ਦੱਸਿਆ ਕਿ ਮਾਲਵਾ ਵੈਲਫੇਅਰ ਕਲੱਬ ਦਾ ਇਸ ਸਾਲ ਦਾ ਕੈਲੰਡਰ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਤਸਵੀਰ ਨੂੰ ਦਰਸਾਉਂਦਾ ਹੋਇਆ ਜਾਰੀ ਕੀਤਾ ਗਿਆ ਹੈ। ਪ੍ਰੈਸ ਸਕੱਤਰ ਵਿਕਾਸ ਸਿੰਗਲਾ ਵੱਲੋਂ ਦੱਸਿਆ ਕਿ ਕੈਲੰਡਰ ਵਿੱਚ ਕਲੱਬ ਦੀਆਂ ਗਤੀਵਿਧੀਆਂ, ਸਰਕਾਰੀ ਛੁੱਟੀਆਂ ਅਤੇ ਸਮਾਜਿਕ ਸੁਨੇਹਿਆਂ ਨੂੰ ਦਰਜ਼ ਕੀਤਾ ਗਿਆ ਹੈ। ਕਲੱਬ ਸਰਪ੍ਰਸਤ ਅੰਮ੍ਰਿਤਪਾਲ ਸਿੰਘ ਬਰਾੜ ਅਤੇ ਚੇਅਰਮੈਨ ਸ਼ੇਖਰ ਤਲਵੰਡੀ ਦੁਆਰਾ ਇਸ ਮੌਕੇ ਹਰ ਸਾਲ ਕਲੱਬ ਦੁਆਰਾ ਕਰਵਾਈਆਂ ਜਾਣ ਵਾਲੀਆਂ ਗਤੀਵਿਧੀਆਂ ਬਾਰੇ ਦੱਸਿਆ ਗਿਆ। ਡਾ. ਸੁਖਦੇਵ ਸਿੰਘ ਐਮ ਸੀ ਦੁਆਰਾ ਕਲੱਬ ਦੇ ਕੰਮਾਂ ਦੀ ਸ਼ਲਾਘਾ ਕਰਦਿਆਂ ਹੋਇਆ ਹਰ ਸਮੇਂ ਕਲੱਬ ਦੀ ਮੱਦਦ ਕਰਨ ਦਾ ਭਰੋਸਾ ਦਿੱਤਾ। ਅੰਤ ਵਿੱਚ ਖਜਾਨਚੀ ਮਨਦੀਪ ਸਿੰਘ ਧਾਲੀਵਾਲ ਅਤੇ ਸਕੱਤਰ ਜਗਣਦੀਪ ਸਿੰਘ ਦੁਆਰਾ ਹਾਜ਼ਰੀਨ ਮੈਂਬਰਾਂ ਤੇ ਕੈਲੰਡਰ ਲਈ ਐਡ ਦੇਣ ਲਈ ਸਿੱਧੂ ਬੀਜ ਭੰਡਾਰ, ਸੰਸਕਾਰ ਸਕੂਲ, ਰਣਦੀਪ ਹਸਪਤਾਲ ਅਤੇ ਬਾਬਾ ਫਰੀਦ ਕਲੀਨਿਕ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਐਮ ਸੀ ਸੁਖਦੇਵ ਸਿੰਘ, ਹਰਜੀਤ ਸਿੰਘ ਸਰਾਂ, ਦਵਿੰਦਰ ਸਿੰਘ ਸੂਬਾ, ਭਰਪੂਰ ਸਿੰਘ, ਗੁਰਪ੍ਰੀਤ ਸਿੰਘ, ਬਲਵਿੰਦਰ ਸਿੰਘ ਗਿੱਲ, ਰਵੀ ਕੁਮਾਰ ਕੋਕੀ, ਖੁਸ਼ਦੀਪ ਸਿੰਘ ਬੱਬੀ ਚੱਠਾ, ਮਨਪ੍ਰੀਤ ਸਿੰਘ, ਬੁੱਧ ਰਾਮ, ਕਲੱਬ ਮੈਂਬਰ ਅਰਸਦੀਪ ਸਿੰਘ ਗਿੱਲ, ਸ਼ੁਭਦੀਪ ਸਿੰਘ ਰੂਬੀ, ਅਮਨਦੀਪ ਸਿੰਘ, ਸੁਖਵਿੰਦਰ ਸਿੰਘ, ਵਿਕਾਸ ਸਿੰਗਲਾ, ਵਿਜੈ ਚੌਧਰੀ, ਰਾਜਾ ਢਿੱਲੋਂ, ਰਾਜਿੰਦਰ ਚੱਠਾ, ਨੱਥਾ ਸਿੰਘ, ਚਿਮਨ ਲਾਲ, ਅਤੇ ਸੁਖਪਾਲ ਸਿੰਘ, ਲਛਮਣ ਠੇਕੇਦਾਰ, ਹਰਬੰਸ ਸਿੰਘ, ਗੱਗੂ ਸ਼ਰਮਾ, ਲਾਲੀ ਗਿੱਲ, ਰੂਬੀ ਸ਼ਰਮਾ ਆਦਿ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰੂ ਕਾਸ਼ੀ ਯੂਨੀਵਰਸਿਟੀ ਨੇ ਰਚਿਆ ਇਤਿਹਾਸ

# ਜਿੱਤੀ ਆਲ ਇੰਡੀਆ ਇੰਟਰ ਯੂਨੀਵਰਸਿਟੀ ਫ੍ਰੀ ਸਟਾਇਲ ਕੁਸ਼ਤੀ ਚੈਂਪੀਅਨਸ਼ਿਪ 2024-25



ਤਲਵੰਡੀ ਸਾਬੋ, 09 ਜਨਵਰੀ (ਗੁਰਜੰਟ ਸਿੰਘ ਨਥੇਹਾ)- ਹਰ ਰੋਜ਼ ਖੇਡਾਂ ਦੇ ਖੇਤਰ ਵਿੱਚ ਨਵੀਆਂ ਮੱਲ੍ਹਾਂ ਮਾਰ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਗੁਰੂ ਕਾਸ਼ੀ ਯੂਨੀਵਰਸਿਟੀ ਤਲਵੰਡੀ ਸਾਬੋ ਨੇ ਗੁਰਲਾਭ ਸਿੰਘ ਸਿੱਧੂ ਚਾਂਸਲਰ ਤੇ ਸੁਖਰਾਜ ਸਿੰਘ ਸਿੱਧੂ ਮੈਨੇਜ਼ਿੰਗ ਡਾਇਰੈਕਟਰ ਦੇ ਮਾਰਗ ਦਰਸ਼ਨ ਹੇਠ ਆਲ ਇੰਡੀਆ ਇੰਟਰ ਯੂਨੀਵਰਸਿਟੀ ਫ੍ਰੀ ਸਟਾਇਲ ਕੁਸ਼ਤੀ ਚੈਂਪੀਅਨਸ਼ਿਪ 2024-25 (ਲੜਕਿਆਂ) ਜਿੱਤ ਕੇ ਨਵਾਂ ਇਤਿਹਾਸ ਰਚਿਆ। ਇਸ ਮੌਕੇ ਇਨਾਮ ਵੰਡ ਸਮਾਰੋਹ ਦੇ ਮੁੱਖ ਮਹਿਮਾਨ ਪ੍ਰੋ.(ਡਾ.) ਇੰਦਰਜੀਤ ਸਿੰਘ ਉਪ ਕੁਲਪਤੀ ਨੇ ਇਸ ਸ਼ਾਨਾਮੱਤੀ ਪ੍ਰਾਪਤੀ ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਹ ਵਰਸਿਟੀ ਪ੍ਰਬੰਧਕਾਂ ਵੱਲੋਂ ਦਿੱਤੇ ਗਏ ਸਹਿਯੋਗ, ਡਾ. ਰਾਜ ਕੁਮਾਰ ਸ਼ਰਮਾ ਡਾਇਰੈਕਟਰ ਸਪੋਰਟਸ ਦੀ ਯੋਗ ਅਗਵਾਈ, ਕੋਚ ਸਾਹਿਬਾਨ ਦੀ ਅਣਥੱਕ ਮਿਹਨਤ, ਖਿਡਾਰੀਆਂ ਦੇ ਸਮਰਪਣ ਅਤੇ ਸਭਨਾਂ ਦੀਆਂ ਸ਼ੁੱਭ ਇਛਾਵਾਂ ਸਦਕਾ ਹੋਇਆ ਹੈ। ਉਨਾਂ ਖਿਡਾਰੀਆਂ ਨੂੰ ਆਪਣੇ ਖੇਡ ਕੌਸ਼ਲ ਨੂੰ ਨਿਖਾਰਨ ਲਈ ਆਧੁਨਿਕ ਤਕਨੀਕ ਅਤੇ ਵਿਗਿਆਨਕ ਵਿਧੀ ਅਨੁਸਾਰ ਸ਼ਰੀਰਕ ਤੰਦਰੁਸਤੀ ਬਰਕਰਾਰ ਰੱਖਣ ਲਈ ਕਿਹਾ।ਉਨ੍ਹਾਂ ਖਿਡਾਰੀਆਂ ਨੂੰ ਖੇਡ ਮਾਹਿਰਾਂ ਅਨੁਸਾਰ ਖੁਰਾਕ ਲੈਣ ਦੀ ਸਲਾਹ ਵੀ ਦਿੱਤੀ। ਜੇਤੂ ਖਿਡਾਰੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਇਹ ਪ੍ਰਾਪਤੀਆਂ ਉਨ੍ਹਾਂ ਦੀ ਆਖਰੀ ਮੰਜ਼ਿਲ ਨਹੀਂ ਕਿਉਂਕਿ ਦੇਸ਼ ਨੂੰ ਉੱਭਰ ਰਹੇ ਨੌਜਵਾਨ ਪਹਿਲਵਾਨਾਂ ਤੋਂ ਬਹੁਤ ਉਮੀਦਾਂ ਹਨ ਇਸ ਲਈ ਉਨ੍ਹਾਂ ਨੂੰ ਆਪਣੇ ਟੀਚੇ ਹੋਰ ਉੱਚੇ ਕਰਨੇ ਚਾਹੀਦੇ ਹਨ। ਉਨ੍ਹਾਂ ਵਰਸਿਟੀ ਵੱਲੋਂ ਆਲ ਇੰਡੀਆ ਐਸੋਸਿਏਸ਼ਨ ਆਫ਼ ਯੂਨੀਵਰਸਿਟੀਜ਼ ਦੇ ਸਮੂਹ ਅਧਿਕਾਰੀਆਂ, ਬਾਹਰੋਂ ਆਏ ਮੈਨੇਜ਼ਰ, ਕੋਚ ਅਤੇ ਖਿਡਾਰੀਆਂ ਦਾ ਧੰਨਵਾਦ ਕੀਤਾ ਅਤੇ ਇਸ ਤਰ੍ਹਾਂ ਦੇ ਹੋਰ ਵੱਡੇ ਆਯੋਜਨਾਂ ਲਈ ਹਾਮੀ ਭਰੀ। ਚੈਂਪੀਅਨਸ਼ਿਪ ਦੇ ਨਤੀਜਿਆਂ ਬਾਰੇ ਜਾਣਕਾਰੀ ਦਿੰਦੇ ਹੋਏ ਡਾ. ਸ਼ਰਮਾ ਨੇ ਦੱਸਿਆ ਕਿ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਪਹਿਲਵਾਨਾਂ ਨੇ ਕ੍ਰਮਵਾਰ 57 ਕਿਲੋ ਭਾਰ ਵਰਗ ਵਿੱਚ ਸਾਗਰ ਨੇ ਸ਼ੁਭਮ ਚੌਧਰੀ ਰਣਬੀਰ ਸਿੰਘ ਯੂਨੀਵਰਸਿਟੀ ਜੀਂਦ ਨੂੰ ਹਰਾ ਕੇ, 74 ਕਿਲ ਭਾਰ ਵਰਗ ਵਿੱਚ ਦੀਪਕ ਨੇ ਅਮਿਤ ਰਾਸ਼ਟਰ ਸੰਤ ਤੁਕਾ ਜੀ ਮਹਾਰਾਜ ਯੂਨੀਵਰਸਿਟੀ ਨਾਗਪੁਰ, 79 ਕਿਲੋ ਭਾਰ ਵਰਗ ਵਿੱਚ ਪਰਵਿੰਦਰ ਨੇ ਪੁਨੀਤ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਜਲੰਧਰ, 86 ਕਿਲੋ ਭਾਰ ਵਰਗ ਵਿੱਚ ਮੇਹਰ ਸਿੰਘ ਨੇ ਵਿਵੇਕ ਰਾਠੀ ਚੌਧਰੀ ਰਣਵੀਰ ਸਿੰਘ ਯੂਨੀਵਰਸਿਟੀ ਜੀਂਦ, 92 ਕਿਲੋ ਭਾਰ ਵਰਗ ਵਿੱਚ ਸਚਿਨ ਨੇ ਉਮੇਦ ਦਾਹੀਆ ਲੈਮਰੀਨ ਯੂਨੀਵਰਸਿਟੀ ਪੰਜਾਬ ਨੂੰ ਹਰਾ ਕੇ 5 ਸੋਨ ਤਗਮੇ ਜਿੱਤੇ। ਇਸ ਤੋਂ ਇਲਾਵਾ ਵਰਸਿਟੀ ਦੇ ਪਹਿਲਵਾਨਾਂ ਨੇ 2 ਚਾਂਦੀ ਅਤੇ 2 ਕਾਂਸੇ ਦੇ ਤਗਮੇ ਜੀ.ਕੇ.ਯੂ. ਦੀ ਝੋਲੀ ਪਾਏ।ਕੁੱਲ 185 ਅੰਕਾਂ ਨਾਲ ਜੀ.ਕੇ.ਯੂ. ਚੈਂਪੀਅਨ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ, ਜਲੰਧਰ 128 ਅੰਕਾਂ ਨਾਲ ਰਨਰ ਅੱਪ ਤੇ ਮਹਾਂ ਰਿਸ਼ੀ ਦਯਾਨੰਦ ਯੂਨੀਵਰਸਿਟੀ ਰੋਹਤਕ 48 ਅੰਕਾਂ ਨਾਲ ਸੈਕਿੰਡ ਰਨਰ ਅੱਪ ਰਹੀ। 'ਵਰਿਸਿਟੀ ਦੇ 57 ਕਿਲੋ ਭਾਰ ਵਰਗ ਦੇ ਪਹਿਲਵਾਨ ਸਾਗਰ ਅਤੇ 74 ਕਿਲੋ ਭਾਰ ਵਰਗ ਦੇ ਦੀਪਕ ਨੂੰ ਬੈਸਟ ਪਹਿਲਵਾਨ ਐਲਾਨਿਆ ਗਿਆ। ਡਾ. ਬਲਵਿੰਦਰ ਕੁਮਾਰ ਸ਼ਰਮਾ ਡੀਨ ਫੈਕਲਟੀ ਆਫ਼ ਫਿਜ਼ੀਕਲ ਐਜੂਕੇਸ਼ਨ ਨੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ 45 ਦਿਨਾਂ ਤੱਕ ਚੱਲਣ ਵਾਲੇ ਇਸ ਖੇਡ ਮੇਲੇ ਵਿੱਚ ਜੀ.ਕੇ.ਯੂ. ਨੇ ਤੀਸਰੀ ਚੈਂਪੀਅਨਸ਼ਿਪ ਜਿੱਤੀ ਤੇ ਹੈਟਰਿਕ ਬਣਾ ਕੇ ਖੇਡਾਂ ਦੇ ਖੇਤਰ ਵਿੱਚ ਇਤਿਹਾਸ ਸਿਰਜਿਆ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਫਰਵਰੀ ਤੱਕ ਚੱਲਣ ਵਾਲੇ ਇਸ ਖੇਡ ਆਯੋਜਨ ਵਿੱਚ ਭਾਰਤ ਦੇ ਲਗਭਗ 16000 ਖਿਡਾਰੀ ਸ਼ਿਰਕਤ ਕਰਨਗੇ।



## ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਰਹੀ ਰਨਰ ਅੱਪ

ਆਵਾਜ਼ਿ ਕੌਮ AWAZE QAUM International Newspaper & WEB TV

# ਭਗਵਾਨ ਵਾਲਮੀਕਿ ਜੀ ਦੀ ਮੂਰਤੀ ਦੀ ਬੇਅਦਬੀ ਕਰਨ ਵਾਲਿਆਂ ਨੂੰ ਸਜ਼ਾ ਦਿਵਾਉਣ ਲਈ ਐਸ ਡੀ ਐਮ ਧੂਰੀ ਨੂੰ ਦਿੱਤਾ ਮੰਗ ਪੱਤਰ



**ਧੂਰੀ ( ਰਣਜੀਤ ਸਿੰਘ ਪੇਧਨੀ )**-ਅੱਜ ਮਿਤੀ 9 ਜਨਵਰੀ 2025 ਨੂੰ ਕ੍ਰਾਂਤੀਕਾਰੀ ਲੋਕ ਚੇਤਨਾ ਮੰਚ ਵੱਲੋਂ ਮੌੜ ਮੰਡੀ ਜਿਲ੍ਹਾ ਬਠਿੰਡਾ ਵਿੱਚ ਮਿਤੀ 03 ਜਨਵਰੀ 2025 ਨੂੰ ਭਗਵਾਨ ਵਾਲਮੀਕਿ ਜੀ ਦੀ ਮੂਰਤੀ ਦੀ ਬੇਅਦਬੀ ਕਰਨ ਵਾਲੇ ਅਪਰਾਧੀਆਂ ਨੂੰ ਸਜ਼ਾ ਦਿਵਾਉਣ ਲਈ ਮੁੱਖ ਮੰਤਰੀ ਪੰਜਾਬ ਅਤੇ ਗਵਰਨਰ ਪੰਜਾਬ ਦੇ ਨਾਂ ਤੇ ਐਸ ਡੀ ਐਮ ਧੂਰੀ ਨੂੰ ਮੰਗ ਪੱਤਰ ਦਿੱਤਾ ਗਿਆ।ਭਗਵਾਨ ਵਾਲਮੀਕਿ ਜੀ ਦੀ ਮੂਰਤੀ ਨੂੰ ਚੋਰੀ ਕਰਕੇ ਲਿਜਾਇਆ ਗਿਆ, ਜਦੋਂ ਭਗਵਾਨ ਵਾਲਮੀਕਿ ਜੀ ਦੀ ਮੂਰਤੀ ਦੀ ਤੋੜ-ਭੰਨ ਅਤੇ ਬੇਅਦਬੀ ਕੀਤੀ ਜਾ ਰਹੀ ਸੀ ਤਾਂ ਵਾਲਮੀਕਿ ਸਮਾਜ ਅਤੇ ਐਸ.ਸੀ. ਭਾਈਚਾਰੇ ਨੂੰ ਉੱਥੇ ਜਾਣ ਤੋਂ ਰੋਕਿਆ ਗਿਆ ਅਤੇ ਕਿਹਾ ਗਿਆ ਕਿ ਭਗਵਾਨ ਵਾਲਮੀਕਿ ਜੀ ਦੀ ਮੂਰਤੀ ਨਾਲ ਕੋਈ ਛੇੜਛਾੜ ਨਹੀਂ ਕਰ ਰਿਹਾ ਅਤੇ ਕੋਈ ਉਨ੍ਹਾਂ ਦਾ ਨਿਰਾਦਰ ਨਹੀਂ ਕਰ ਰਿਹਾ। ਇਸ ਘਟਨਾ ਲਈ ਪੁਲਿਸ ਪ੍ਰਸ਼ਾਸਨ ਵੀ ਜ਼ਿੰਮੇਵਾਰ ਹੈ। ਵਾਲਮੀਕਿ ਸਮਾਜ, ਰਵਿਦਾਸ ਸਮਾਜ, ਕਬੀਰ ਸਮਾਜ ਅਤੇ ਐਸ.ਸੀ ਸਮਾਜ ਅਤੇ ਭਗਵਾਨ ਵਾਲਮੀਕਿ ਜੀ ਨੂੰ ਮੰਨਣ ਵਾਲੀ ਭੀੜ 'ਤੇ ਪੁਲਿਸ ਵੱਲੋਂ ਲਾਠੀਚਾਰਜ ਕੀਤਾ ਗਿਆ ਅਤੇ ਭਗਵਾਨ ਵਾਲਮੀਕਿ ਜੀ ਦੀ ਮੂਰਤੀ ਨੂੰ ਤੋੜਿਆ ਗਿਆ ਜੋ ਕਿ ਸਮੁੱਚੇ ਐਸ.ਸੀ ਭਾਈਚਾਰੇ ਅਤੇ ਭਗਵਾਨ ਵਾਲਮੀਕਿ ਸਮਾਜ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਈ ਗਈ। ਅਪਮਾਨ ਕਰਨ ਵਾਲੇ ਅਪਰਾਧੀਆਂ ਦੀ ਉੱਚ ਪੱਧਰੀ ਜਾਂਚ ਕਰਵਾ ਕੇ ਸਬੰਧਤ ਅਧਿਕਾਰੀਆਂ ਅਤੇ ਪੁਲਿਸ ਪ੍ਰਸ਼ਾਸ਼ਨ ਖਿਲਾਫ ਕਾਰਵਾਈ ਕਰਕੇ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਮਿਲਣੀ ਚਾਹੀਦੀ ਹੈ। ਜੇਕਰ ਵਾਲਮੀਕਿ ਸਮਾਜ ਅਤੇ ਐਸ.ਸੀ ਭਾਈਚਾਰੇ ਨੂੰ ਇਨਸਾਫ਼ ਨਾ ਮਿਲਿਆ ਤਾਂ ਪੰਜਾਬ ਅਤੇ ਦੇਸ਼ ਦਾ ਮਾਹੌਲ ਵਿਗੜ ਜਾਵੇਗਾ।ਇਸ ਮੌਕੇ ਕ੍ਰਾਂਤੀਕਾਰੀ ਲੋਕ ਚੇਤਨਾ ਮੰਚ ਦੇ ਕੌਮੀ ਪ੍ਰਧਾਨ ਵਿੱਕੀ ਪਰੋਚਾ ਧੂਰੀ, ਲੈਫਟੀਨੈਂਟ ਦਰਸ਼ਨ ਸਿੰਘ, ਅਜੇ ਪਰੋਚਾ ਐਮ ਸੀ, ਨਪਿੰਦਰ ਗੋਰਾ ਐਮ ਸੀ, ਮਿੱਠੂ ਐਮ ਸੀ, ਸੱਤੀ,ਯਾਦਵਿੰਦਰ ਸਿੰਘ, ਸੋਨੂ,ਰਾਜਪਾਲ ਸਿੰਘ, ਜੱਗੀ ਅਤੇ ਹੋਰ ਮੈਂਬਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਿੱਖ ਦੁਨੀਆ ਵਿੱਚ ਕਿਤੇ ਵੀ ਸੁਰੱਖਿਅਤ ਨਹੀਂ ਇਸ ਲਈ ਖਾਲਿਸਤਾਨ ਦੀ ਸਥਾਪਨਾ ਅਤੀ ਜਰੂਰੀ: ਭਾਈ ਮੁਠੱਡਾ, ਭਾਈ ਡੱਲੇਵਾਲ



**ਲੰਡਨ, 9 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਜੋ ਵੀ ਸਿੱਖ ਦੀ ਅਜ਼ਾਦੀ ਦੀ ਗੱਲ ਕਰੇਗਾ ਭਾਰਤ ਉਸ ਨੂੰ ਕਦੇ ਵੀ ਨਹੀਂ ਜਰੇਗਾ ਇਹ ਵਿਚਾਰ ਇੰਗਲੈਂਡ ਵਿੱਚ ਪਿਛਲੇ ਲੰਬੇ ਸਮੇਂ ਤੋਂ ਰਾਜਸੀ ਸ਼ਰਨ ਤੇ ਰਹਿ ਰਹੇ ਸਿੱਖ ਫੈਡਰੇਸ਼ਨ ਯੂ ਕੇ ਦੇ ਆਗੂ ਭਾਈ ਕੁਲਵੰਤ ਸਿੰਘ ਮੁਠੱਡਾ ਅਤੇ ਭਾਈ ਬਲਵਿੰਦਰ ਸਿੰਘ ਡੱਲੇਵਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਗਟ ਕੀਤੇ ਉਨ੍ਹਾਂ ਕਿਹਾ ਕਿ ਭਾਰਤੀ ਏਜੰਸੀਆਂ ਜਾਂ ਉਸ ਨੂੰ ਜੇਲਾਂ ਚ ਡੱਕਦੀਆਂ ਨੇ ਜਾਂ ਮਰਵਾ ਦਿੰਦੀਆਂ ਨੇ ਜਾਂ ਉਵੇ ਦੇਸ਼ ਨਿਕਾਲਾ ਦਿੰਦੀਆਂ ਨੇ ਜਿਵੇ ਸਾਡੇ ਵਰਗੇ ਬਾਹਰਲੇ ਮੁਲਕਾਂ ਵਿੱਚ ਜਲਾਵਤਨੀਆਂ ਕੱਟ ਰਹੇ ਹਨ ਪਰ ਅਸੀਂ ਆਪਣੇ ਖਾਲਸਾ ਰਾਜ ਖਾਲਿਸਤਾਨ ਦੀ ਪ੍ਰਾਪਤੀ ਵਾਸਤੇ ਜੰਗ ਲੜ ਰਹੇ ਹਾਂ ਤਾਂ ਹੀ ਸਾਡੇ ਬਾਹਰ ਬੈਠਿਆਂ ਤੇ ਹੀ UAPA ਤੇ ਹੋਰ ਕਈ ਧਰਾਵਾਂ ਲਾ ਕੇ ਦਿੱਲੀ ਦੀ NIA ਵਲੋਂ ਕੇਸ ਦਰਜ ਕੀਤੇ ਹੋਏ ਨੇ ਅਤੇ ਪੰਜਾਬ ਵਿਚਲੀਆਂ ਪ੍ਰਾਪਰਟੀਆਂ ਵੀ ਭਾਰਤ ਸਰਕਾਰ ਨੇ ਕੁਰਕ ਕਰਕੇ ਆਪਣੇ ਨਾਮ ਕਰ ਲਈਆਂ ਹਨ ਪਰ ਅਸੀਂ ਫਿਰ ਵੀ ਪਰਵਾਹ ਨਹੀਂ ਕਰਦੇ ।ਇਹ ਸਿਲਸਿਲਾ ਇਵੇਂ ਹੀ ਚੱਲਣਾ ਜਿੰਨਾ ਚਿਰ ਅਜਾਦ ਨਹੀਂ ਹੁੰਦੇ । ਸਿੱਖਾਂ ਨੂੰ ਟਾਰਗਿਟ ਏਜੰਸੀਆਂ ਕਰਦੀ ਸਿੱਖਾਂ ਦੇ ਕਤਲ ਦੇਸ਼ ਤੇ ਵਿਦੇਸ਼ ਚ ਏਜੰਸੀਆਂ ਕਰਦੀਆਂ ਤੇ ਸਾਡੇ ਆਲੇ ਆਪਸ ਚ ਲੜਨਾ ਸ਼ੁਰੂ ਕਰ ਦਿੰਦੇ। ਸਮਝੋ ਡੀਪ ਸਟੇਟ ਨੂੰ ਵੱਡੇ ਵਿਦਵਾਨੋਂ ਥੋੜਾ ਅਸਲ ਦੁਸ਼ਮਣ ਭਾਰਤ ਹੈ ਹੁਣ ਤਾ ਬਿਗਾਨੇ ਮੁਲਕ ਵੀ ਸਮਝ ਗਏ ਭਾਰਤ ਨੇ ਪੰਜਾਬ occupied ਕੀਤਾ ਹੋਇਆ ਹੈ ਤੁਸੀ ਕਦ ਸਮਝੋਗੇ ਉਠੋ, ਜਾਗੋ ਅਤੇ ਆਪਣੇ ਪੰਜਾਬ ਨੂੰ ਭਾਰਤ ਦੀ ਹਿੰਦੂਤਵੀ ਸਰਕਾਰ ਦੇ ਕਬਜੇ ਵਿੱਚੋਂ ਆਜ਼ਾਦ ਕਰਵਾਉਣ ਲਈ ਅਤੇ ਖਾਲਸਾ ਰਾਜ ਖਾਲਿਸਤਾਨ ਦੀ ਪ੍ਰਾਪਤੀ ਵਾਸਤੇ ਚਲ ਰਹੇ ਸ਼ੰਘਰਸ਼ ਵਿੱਚ ਆਪਣਾ ਯੋਗਦਾਨ ਪਾਓ ਅਖੀਰ ਵਿੱਚ ਉਪਰੋਕਤ ਖਾਲਿਸਤਾਨੀ ਆਗੂਆਂ ਨੇ ਭਾਰਤੀ ਹਿੰਦ ਹਕੂਮਤ ਨੂੰ ਸੁਨੇਹਾ ਦਿੰਦੇ ਹੋਏ ਕਿਹਾ ਕਿ ਅਸੀਂ ਆਪਣੇ ਆਖਰੀ ਦਮ ਤੱਕ ਖਾਲਿਸਤਾਨ ਦੀ ਪ੍ਰਾਪਤੀ ਵਾਸਤੇ ਲੜਾਂਗੇ ਸਾਰੇ ਮਸਲਿਆਂ ਦਾ ਹੱਲ ਕੇਵਲ ਖਾਲਸਤਾਨ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ✵ ਫੋਟੋ ਗੈਲਰੀ ✵



ਆਵਾਜ਼ਿ ਕੌਮ AWAZE QAUM International Newspaper & WEB TV

ਪੀ ਐਚ ਸੀ ਕਾਂਝਲਾ ਜਿਲਾਂ ਸੰਗਰੂਰ ਵਿਖੇ ਮਲਟੀ ਪਰਪਜ਼ ਇੰਮਪਲਾਈਜ ਯੂਨੀਅਨ ਦਾ 2025 ਦਾ ਕਲੰਡਰ ਅਤੇ ਡਾਇਰੀ ਅਸ਼ੋਕ ਕੁਮਾਰ ਅਤੇ ਗੁਰਜੰਟ ਸਿੰਘ ਸਾਂਝੇ ਤੌਰ ਤੇ ਰੀਲੀਜ ਕੀਤਾ।

(ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)





## ਮਾਂ ਬੋਲੀ ਦਾ ਸੁਹਿਰਦ ਵਿਦਵਾਨ

**ਬਰਸੀ ’ਤੇ ਵਿਸ਼ੇਸ਼**

# ਪ੍ਰਿੰਸੀਪਲ ਤੇਜਾ ਸਿੰਘ

**ਉਸ ਸਮੇਂ** ਅੰਗ੍ਰੇਜ਼ੀ-ਪੰਜਾਬੀ ਵਿੱਚ ਬਹੁਤ ਘੱਟ ਡਿਕਸ਼ਨਰੀਆਂ ਮਿਲਦੀਆਂ ਸਨ ।ਪ੍ਰਿੰਸੀਪਲ ਤੇਜਾ ਸਿੰਘ ਨੇ ਆਪਣੇ ਜੀਵਨ ਵਿੱਚ ਇਹ ਵੱਡਾ ਕਾਰਜ ਕਰਕੇ ਪੰਜਾਬੀ ਪਿਆਰਿਆਂ ਦੀ ਚਿਰੋਕਣੀ ਮੰਗ ਨੂੰ ਪੂਰਾ ਕੀਤਾ ਸੀ । ਇਸ ਕਾਰਜ ਲਈ ਉਨ੍ਹਾਂ ਦੀ ਹਰ ਪੰਜਾਬੀ ਪਿਆਰੇ ਨੇ ਪ੍ਰਸ਼ੰਸਾ ਕੀਤੀ ।20ਵੀਂ ਸਦੀ ਦੇ ਪਹਿਲੇ ਅੱਜ ਦੇ ਉੱਘੇ ਸਿੱਖ ਚਿੰਤਕਾਂ ਤੇ ਸੁਹਿਰਦ ਵਿਦਵਾਨਾਂ ਵਿੱਚੋਂ ਪ੍ਰਿੰਸੀਪਲ ਤੇਜਾ ਸਿੰਘ ਨੇ ਗੁਰਬਾਣੀ ਦੀ ਵਿਆਖਿਆ ਦੇ ਨਾਲ-ਨਾਲ ਪੰਜਾਬੀ ਵਾਰਤਕ ਨੂੰ ਉਸਾਰੂ ਲੀਹਾਂ ਤੇ ਪਾ ਕੇ ਨਵੇਂ ਲੇਖਕਾਂ ਦਾ ਮਾਰਗ ਦਰਸ਼ਨ ਕੀਤਾ

ਆਵਾਜ਼ਿ ਕੌਮ
AWAZE QAUM
International Newspaper & WEB TV

।ਇਸੇ ਕਰਕੇ ਇਸ ਮਹਾਨ ਸ਼ਖ਼ਸ਼ੀਅਤ ਨੂੰ ਸਿੱਖ ਸਮਾਜ ਅਤੇ ਪੰਜਾਬੀ ਪਿਆਰਿਆਂ ਨੇ ਦਿਲੋਂ ਸਤਿਕਾਰਿਆ ।20ਵੀਂ ਸਦੀ ਦੇ ਪਹਿਲੇ 5-6 ਦਹਾਕਿਆਂ ਵਿੱਚ ਗੁਰਬਾਣੀ ਦੇ ਆਧੁਨਿਕ ਵਿਆਖਿਆਕਾਰ ਅਤੇ ਪੰਜਾਬੀ ਵਾਰਤਿਕ ਲੇਖਕ ਵਜੋਂ ਜਿਹੜਾ ਮਾਣ ਪ੍ਰਿੰਸੀਪਲ ਤੇਜਾ ਸਿੰਘ ਨੂੰ ਮਿਲਿਆ, ਉਹ ਵਿਰਲੇ ਲੇਖਕਾਂ ਦੇ ਹਿੱਸੇ ਆਇਆ ਹੈ । ਪ੍ਰਿੰਸੀਪਲ ਤੇਜਾ ਸਿੰਘ ਦਾ ਜਨਮ 2 ਜੂਨ, 1894 ਈ: ਨੂੰ ਜ਼ਿਲ੍ਹਾ ਰਾਵਲਪਿੰਡੀ (ਲਹਿੰਦਾ ਪੰਜਾਬ) ਦੇ ਪਿੰਡ ਅਤਿਆਲਾ ਵਿਖੇ ਸ। ਭਲਾਕਰ ਸਿੰਘ ਦੇ ਗ੍ਰਹਿ ਵਿਖੇ ਮਾਤਾ ਸੁਰਸਤੀ ਦੀ ਕੁੱਖ ਤੋਂ ਹੋਇਆ । ਇਨ੍ਹਾਂ ਦਾ ਮੁੱਢਲਾ ਨਾਂਅ ਤੇਜ ਰਾਮ ਸੀ । ਇਨ੍ਹਾਂ ਗੁਰਮੁਖੀ ਦੀ ਮੁੱਢਲੀ ਸਿੱਖਿਆ ਪਿੰਡ ਦੇ ਗੁਰਦੁਆਰੇ ਤੋਂ ਅਤੇ ਫ਼ਾਰਸੀ ਦੀ ਸਿੱਖਿਆ ਮਸਜਿਦ ਤੋਂ ਪ੍ਰਾਪਤ ਕੀਤੀ । ਪ੍ਰਿੰਸੀਪਲ ਤੇਜਾ ਸਿੰਘ ਨੇ ਬਚਪਨ ਵਿੱਚ ਹੀ ਬਾਬਾ ਖੇਮ ਸਿੰਘ ਬੇਦੀ ਦੀ ਅਗਵਾਈ ਵਿੱਚ ਪੰਜਾਂ ਪਿਆਰਿਆਂ ਤੋਂ ਖੰਡੇ ਦੀ ਪਾਹੁਲ ਪ੍ਰਾਪਤ ਕੀਤੀ ।ਹੁਣ ਆਪ ਤੇਜ ਦਾਸ ਤੋਂ ਤੇਜਾ ਸਿੰਘ ਬਣ ਗਏ ।

ਘਰ ਵਿੱਚ ਗਰੀਬੀ ਹੋਣ ਕਰਕੇ ਪਰਿਵਾਰ ਨਹੀਂ ਸੀ ਚਾਹੁੰਦਾ ਕਿ ਇਹ ਬੱਚਾ ਅੱਗੋਂ ਪੜ੍ਹਾਈ ਜਾਰੀ ਰੱਖੇ, ਪਰ ਪ੍ਰਿੰਸੀਪਲ ਤੇਜਾ ਸਿੰਘ ਦਾ ਬਾਲਪਨ ਅੱਗੋਂ ਪੜ੍ਹਾਈ ਜਾਰੀ ਰੱਖਣ ਲਈ ਉਤਸੁਕ ਰਹਿੰਦਾ ਸੀ ।ਆਪਣੀ ਅੰਤਰ-ਆਤਮਾ ਅਤੇ ਲਗਨ ਇਨ੍ਹਾਂ ਨੂੰ ਪਹਿਲਾਂ ਰਾਵਲਪਿੰਡੀ ਤੇ ਪਿੱਛੋਂ ਸਰਗੋਧੇ ਦੇ ਸਕੂਲਾਂ ਵਿੱਚ ਲੈ ਗਈ ।1910 ਈ: ਵਿੱਚ ਇਨ੍ਹਾਂ ਖ਼ਾਲਸਾ ਕਾਲਜੀਏਟ ਸਕੂਲ ਤੋਂ ਦੱਸਵੀਂ ਅਤੇ ਪਿੱਛੋਂ ਖ਼ਾਲਸਾ ਕਾਲਜ, ਅੰਮ੍ਰਿਤਸਰ ਤੋਂ ਐੱਫ ਏ। ਪਾਸ ਕੀਤੀ । ਇਸ ਤੋਂ ਬਾਅਦ ਮਾਰਡਨ ਕਾਲਜ, ਰਾਵਲਪਿੰਡੀ ਵਿੱਚ ਦਾਖਲ ਹੋ ਗਏ ।ਬੈਚੂਲਰ ਦੀ ਡਿਗਰੀ ਤੋਂ ਪਿੱਛੋਂ ਇਸੇ ਕਾਲਜ ਵਿੱਚ ਪ੍ਰਾ-ਅਧਿਆਪਕ ਵਜੋਂ ਡਿਊਟੀ ਨਿਭਾਈ । ਇਸ ਦੇ ਨਾਲ ਹੀ 1916 ਈ: ਵਿੱਚ ਐੱਮ ਏ। ਅੰਗ੍ਰੇਜ਼ੀ ਵੀ ਕਰ ਲਈ । ਮਾਰਚ, 1919 ਵਿੱਚ ਖ਼ਾਲਸਾ ਕਾਲਜ ਅੰਮ੍ਰਿਤਸਰ ਵਿਖੇ ਬਤੌਰ ਲੈਕਚਰਾਰ



ਨਿਯੁਕਤ ਹੋਏ । ਅੰਗ੍ਰੇਜ਼ੀ ਦੇ ਨਾਲ-ਨਾਲ ਧਾਰਮਿਕ ਅਧਿਐਨ ਦੇ ਵਿਸ਼ੇ ਵੀ ਪੜ੍ਹਾਏ ।1945 ਈ: ਤੱਕ ਇਸੇ ਕਾਲਜ ਵਿੱਚ ਲਗਾਤਾਰ ਸੇਵਾ ਨਿਭਾਈ ।

ਖ਼ਾਲਸਾ ਕਾਲਜ ਦੀ ਸੇਵਾ ਦੌਰਾਨ ਗੁਰਦੁਆਰਾ ਸੁਧਾਰ ਲਹਿਰ ਵਿੱਚ ਸਰਗਰਮ ਹਿੱਸਾ ਲੈਣ ਕਰਕੇ 1923 ਵਿੱਚ ਹਕੂਮਤ ਵੱਲੋਂ ਗ੍ਰਿਫਤਾਰ ਕਰ ਲਿਆ ਗਿਆ ।

1925 ਈ: ਵਿੱਚ ਸਿਹਤ ਦੀ ਖਰਾਬੀ ਕਾਰਨ ਨੌਕਰੀ ਤੋਂ ਸੇਵਾ-ਮੁਕਤੀ ਲੈ ਲਈ । 1945 ਈ: ਵਿੱਚ ਖ਼ਾਲਸਾ ਕਾਲਜ ਮੁੰਬਈ ਦੀ ਸੇਵਾ ਵਿੱਚ ਚਲੇ ਗਏ । ਇਸ ਤੋਂ ਤਿੰਨ ਸਾਲ ਬਾਅਦ ਪੰਜਾਬ ਯੂਨੀਵਰਸਿਟੀ ਦੇ ਪਬਲੀਕੇਸ਼ਨ ਬਿਊਰੋ ਦੇ ਸਕੱਤਰ ਵਜੋਂ ਸੇਵਾ ਸੰਭਾਲੀ । 1949 ਈ: ਵਿੱਚ ਪੈਪਸੂ ਸਰਕਾਰ ਦੇ ਮਹਿੰਦਰਾ ਕਾਲਜ, ਪਟਿਆਲਾ ਦੇ ਪ੍ਰਿੰਸੀਪਲ ਨਿਯੁਕਤ ਹੋਏ । ਇਸ ਕਾਲਜ ਦੇ ਨਾਲ-ਨਾਲ ਨਵੇਂ ਬਣੇ ਪੰਜਾਬੀ ਮਹਿਕਮੇ (ਭਾਸ਼ਾ ਵਿਭਾਗ) ਦੇ ਸਲਾਹਕਾਰ ਅਤੇ ਡਾਇਰੈਕਟਰ ਦੇ ਕਾਰਜ ਭਾਰ ਨੂੰ ਸੰਭਾਲਣਾ ਪਿਆ । 1951 ਈ: ਵਿੱਚ ਪੈਪਸੂ ਸਰਕਾਰ ਵੱਲੋਂ ਵਿਸ਼ੇਸ਼ ਸਨਮਾਨ ਦਿੱਤਾ ਗਿਆ ।1956 ਈ: ਵਿੱਚ ਅਭਿਨੰਦਨ ਗ੍ਰੰਥ ਵੀ ਭੇਟ ਕੀਤਾ ਗਿਆ । 1951 ਵਿੱਚ


-ਭਗਵਾਨ ਸਿੰਘ ਜੌਹਲ

bhagwansinghjohal@gmail.com




ਹੀ ਨੌਕਰੀ ਤੋਂ ਸੇਵਾ ਮੁਕਤ ਹੋ ਕੇ ਆਪਣੀ ਰਿਹਾਇਸ਼ ਅੰਮ੍ਰਿਤਸਰ ਲੈ ਗਏ ।

ਇਹ ਮਾਣ ਕੇਵਲ ਪ੍ਰਿੰਸੀਪਲ ਤੇਜਾ ਸਿੰਘ ਨੂੰ ਮਿਲਦਾ ਹੈ, ਉਨ੍ਹਾਂ ਪੰਜਾਬੀ ਵਿੱਚ ਟਕਸਾਲੀ ਨਿਬੰਧ ਲਿਖਣ ਦੀ ਨਵੀਂ ਪਿਰਤ ਪਾਈ । ਇਨ੍ਹਾਂ ਦੇ ਲੇਖਾਂ ਦੀਆਂ ਪੁਸਤਕਾਂ ਵਿੱਚ ਨਵੀਆਂ ਸੋਚਾਂ, ਸਹਿਜ ਸੁਭਾਅ, ਸਾਹਿਤ ਦਰਸ਼ਨ, ਘਰ ਦਾ ਪਿਆਰ ਆਦਿ ਸੰਗ੍ਰਹਿ ਮਿਲਦੇ ਹਨ । 1952 ਈ: ਵਿੱਚ ਸਵੈ-ਜੀਵਨੀ ਆਰਸੀ ਵੀ ਪ੍ਰਕਾਸ਼ਿਤ ਹੋਈ ।ਇਸ ਤੋਂ ਇਲਾਵਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਸ਼ਬਦਾਹਿਕ ਲਗਾਂ ਮਾਤਰਾ ਦੇ ਗੁੱਝੇ ਭੇਦ, ਪੰਜਾਬੀ ਕਿਵੇਂ ਲਿਖੀਏ ਅਤੇ ਅੰਗ੍ਰੇਜ਼ੀ ਪੰਜਾਬੀ ਡਿਕਸ਼ਨਰੀਆਂ ਵਰਗੀਆਂ ਰਚਨਾਵਾਂ ਨਾਲ ਪੰਜਾਬੀ ਮਾਂ-ਬੋਲੀ ਦੀ ਸੇਵਾ ਕੀਤੀ ।ਇਸ ਮਹਾਨ ਲੇਖਕ ਤੇ ਸੁਹਿਰਦ ਵਿਦਵਾਨ ਨੇ 10 ਜਨਵਰੀ, 1958 ਈ: ਨੂੰ ਪੰਜਾਬੀ ਮਾਂ-ਬੋਲੀ ਦੇ ਪਿਆਰਿਆਂ ਨੂੰ ਸ੍ਰੀ ਅੰਮ੍ਰਿਤਸਰ ਦੀ ਧਰਤੀ ‘ਤੇ ਸਦੀਵੀ ਵਿਛੋੜਾ ਦਿੱਤਾ ।ਅੱਜ ਉਨ੍ਹਾਂ ਦੀ ਯਾਦ ਨੂੰ ਤਾਜ਼ਾ ਕਰਕੇ ਆਪਣਾ ਫਰਜ਼ ਨਿਭਾ ਰਹੇ ਹਾਂ।

### ਭਾਈ ਹਰਦੀਪ ਸਿੰਘ ਨਿੱਝਰ ਦੀ ਹੱਤਿਆ ਦੇ ਦੋਸ਼ੀ

# ਚਾਰ ਭਾਰਤੀ ਨਾਗਰਿਕਾਂ ਨੂੰ ਜ਼ਮਾਨਤ ਮਿਲੀ



**ਨਵੀਂ ਦਿੱਲੀ 9 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):-** ਕੈਨੇਡੀਅਨ ਅਦਾਲਤ ਨੇ ਖਾਲਿਸਤਾਨੀ ਵੱਖਵਾਦੀ ਨੇਤਾ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੀ ਹੱਤਿਆ ਦੇ ਦੋਸ਼ੀ ਚਾਰ ਭਾਰਤੀ ਨਾਗਰਿਕਾਂ ਨੂੰ ਜ਼ਮਾਨਤ ਦੇ ਦਿੱਤੀ ਹੈ।ਮਾਮਲੇ 'ਚ ਨਾਮਜਦ ਮੁਲਜ਼ਮ-ਕਰਨ ਬਰਾੜ, ਅਮਨਦੀਪ ਸਿੰਘ, ਕਮਲਪ੍ਰੀਤ ਸਿੰਘ, ਅਤੇ ਕਰਨਪ੍ਰੀਤ ਸਿੰਘ- 'ਤੇ ਪਹਿਲੇ ਦਰਜੇ ਦੇ ਕਤਲ ਅਤੇ ਕਤਲ ਦੀ ਸਾਜ਼ਿਸ਼ ਰਚਣ ਦੇ ਦੋਸ਼ ਹਨ।ਕੈਨੇਡੀਅਨ ਪੁਲਿਸ ਅਦਾਲਤ ਵਿੱਚ ਪੇਸ਼ ਨਹੀਂ ਹੋਈ, ਜਿਸ ਨਾਲ ਮੁਲਜ਼ਮਾਂ ਨੂੰ ਜ਼ਮਾਨਤ ਦਾ ਫਾਇਦਾ ਹੋਇਆ। ਹਾਲਾਂਕਿ ਕਾਰਵਾਈ 'ਤੇ ਸਟੇਅ ਰੱਖਦਿਆਂ ਜ਼ਮਾਨਤ ਦਿੱਤੀ ਗਈ।ਦੋਸ਼ਾਂ ਦੀ ਗੰਭੀਰਤਾ ਦੇ ਬਾਵਜੂਦ, ਅਦਾਲਤ ਨੇ ਉਨ੍ਹਾਂ ਦੇ ਮੁਕੱਦਮੇ ਤੋਂ ਪਹਿਲਾਂ ਜ਼ਮਾਨਤ 'ਤੇ ਰਿਹਾਈ ਦੀ ਇਜਾਜ਼ਤ ਦਿੱਤੀ, ਜੋ ਕਿ ਹੁਣ ਬ੍ਰਿਟਿਸ਼ ਕੋਲੰਬੀਆ ਦੀ ਸੁਪਰੀਮ ਕੋਰਟ ਵਿਚ ਚਲੀ ਗਈ ਹੈ।ਮਾਮਲੇ ਦੀ ਅਗਲੀ ਸੁਣਵਾਈ 11 ਫਰਵਰੀ 2025 ਨੂੰ ਹੋਣੀ ਹੈ।

> **ਕੈਨੇਡੀਅਨ ਪੁਲਿਸ ਅਦਾਲਤ ਵਿੱਚ ਪੇਸ਼ ਨਹੀਂ ਹੋਈ, ਜਿਸ ਨਾਲ ਮੁਲਜ਼ਮਾਂ ਨੂੰ ਜ਼ਮਾਨਤ ਦਾ ਮਿਲਿਆ ਫਾਇਦਾ**

ਜਿਕਰਯੋਗ ਹੈ ਕਿ ਸ਼ਹੀਦ ਭਾਈ ਹਰਦੀਪ ਨਿੱਝਰ, ਖਾਲਿਸਤਾਨ ਪੱਖੀ ਲਹਿਰ ਦੀ ਇੱਕ ਪ੍ਰਮੁੱਖ ਸ਼ਖਸੀਅਤ, ਨੂੰ ਜੂਨ 2023 ਵਿੱਚ ਬ੍ਰਿਟਿਸ਼ ਕੋਲੰਬੀਆ ਦੇ ਸਰੀ ਵਿੱਚ ਜਦੋ ਓਹ ਗੁਰੂਘਰ ਤੋਂ ਬਾਹਰ ਆ ਕੇ ਆਪਣੀ ਗੱਡੀ ਵਿਚ ਬੈਠੇ ਸਨ ਨੂੰ ਘਾਤਕ ਗੋਲੀ ਮਾਰ ਦਿੱਤੀ ਗਈ ਸੀ।ਉਸ ਦੀ ਹੱਤਿਆ ਨੇ ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੇ ਜਨਤਕ ਦੋਸ਼ਾਂ ਤੋਂ ਬਾਅਦ ਕੈਨੇਡਾ ਅਤੇ ਭਾਰਤ ਵਿਚਕਾਰ ਕੂਟਨੀਤਕ ਤਣਾਅ ਪੈਦਾ ਕਰ ਦਿੱਤਾ ਸੀ ਕਿ ਭਾਰਤ ਸਰਕਾਰ ਇਸ ਹੱਤਿਆ ਵਿੱਚ ਸ਼ਾਮਲ ਸੀ। ਮਾਮਲੇ ਵਿਚ ਨਾਮਜਦ ਦੋਸ਼ੀਆਂ ਨੂੰ ਜ਼ਮਾਨਤ ਦੇਣ ਨਾਲ ਇਸ ਕੇਸ ਦੀ ਜਾਂਚ ਤੇਜ਼ ਹੋਣ ਦੀ ਉਮੀਦ ਹੈ ਕਿਉਂਕਿ ਇਸ ਨਾਲ ਕਾਨੂੰਨੀ ਕਾਰਵਾਈਆਂ ਅਤੇ ਕੂਟਨੀਤਕ ਗੱਲਬਾਤ ਦੋਵੇਂ ਸਾਹਮਣੇ ਆਉਣ ਦੀਆਂ ਖਬਰਾਂ ਚਲ ਰਹੀਆਂ ਹਨ ।ਖਾਸ ਤੌਰ 'ਤੇ ਦੋਵਾਂ ਦੇਸ਼ਾਂ ਵਿਚਾਲੇ ਚੱਲ ਰਹੇ ਤਣਾਅਪੂਰਨ ਸਬੰਧਾਂ ਦੇ ਮੱਦੇਨਜ਼ਰ ਘਟਨਾਕ੍ਰਮ 'ਤੇ ਨੇੜਿਓਂ ਨਜ਼ਰ ਰੱਖੀ ਜਾਵੇਗੀ ।ਮੁਕੱਦਮੇ ਦੇ ਆਲੇ-ਦੁਆਲੇ ਦੇ ਹੋਰ ਵੇਰਵੇ ਅਤੇ ਮੁਲਜ਼ਮਾਂ ਵਿਰੁੱਧ ਸਬੂਤ ਆਉਣ ਵਾਲੇ ਹਫ਼ਤਿਆਂ ਵਿੱਚ ਸਾਹਮਣੇ ਆਉਣ ਦੀ ਉਮੀਦ ਹੈ।

### ਦੋ ਭੈਣਾਂ ਦੇ ਇਕਲੌਤੇ ਭਰਾ ਫੌਜੀ ਵੀਰ ਯੁਵਰਾਜ ਸਿੰਘ ਜੱਬੋਵਾਲ ਦੇ ਸ਼ਹੀਦ ਹੋਣ ਨਾਲ

# ਪਰਿਵਾਰ ਨੂੰ ਗਹਿਰਾ ਸਦਮਾ : ਬਾਬਾ ਬਿਬੇਕ ਸਿੰਘ

**ਜੰਡਿਆਲਾ ਗੁਰੂ, 9 ਜਨਵਰੀ ( ਕੁਲਵੰਤ ਸਿੰਘ ਵਿਰਦੀ)**-ਦੇਸ਼ ਵਾਸੀਆਂ ਦੀ ਸੁਰੱਖਿਆ ਲਈ ਅਤੇ ਦੇਸ਼ ਦੀ ਖੁਸ਼ਹਾਲੀ ਲਈ ਗਰਮੀ ਸਰਦੀ ਦੇ ਮੌਸਮ ਦੀ ਮਾਰ ਝੱਲਦਿਆਂ ਹੋਇਆਂ ਦੇਸ਼ ਦੇ ਪਹਿਰੇਦਾਰ ਫੌਜੀ ਵੀਰਾਂ ਵੱਲੋਂ ਆਪਣੀ ਜ਼ਿੰਦਗੀ ਦੀ ਪ੍ਰਵਾਹ ਕੀਤੇ ਬਿਨਾਂ ਆਪਣੀ ਜ਼ਿਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਈ ਜਾਂਦੀ ਹੈ ਅਤੇ ਚੜ੍ਹਦੀ ਉਮਰੇ ਆਪਣੇ ਦੇਸ਼ ਲਈ ਸ਼ਹੀਦੀਆਂ ਵੀ ਪ੍ਰਾਪਤ ਕਰ ਜਾਂਦੇ ਹਨ ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਹੋਇਆਂ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਨੇ ਅੱਗੇ ਕਿਹਾ ਕਿ ਜਿਸ ਦੇ ਚੱਲਦਿਆਂ ਬੀਤੇਂ ਦਿਨ ਪਿੰਡ ਜੱਬੋਵਾਲ ਦੇ ਰਹਿਣ ਵਾਲੇ ਫੌਜੀ ਵੀਰ ਸ੍ਰ ਯੁਵਰਾਜ ਸਿੰਘ ਆਪਣੇ ਦੇਸ਼ ਦੀ ਰੱਖਿਆ ਕਰਦਿਆਂ ਹੋਇਆਂ ਜੰਮੂ ਕਸ਼ਮੀਰ ਵਿਖੇ ਸ਼ਹੀਦੀ ਪ੍ਰਾਪਤ ਕਰ ਗਏ ਅਤੇ ਸ੍ਰ ਯੁਵਰਾਜ ਸਿੰਘ ਆਪਣੇ ਪਿੱਛੇ ਛੋਟਾ ਜਿਹਾ ਢਾਈ ਸਾਲ ਦੇ ਕਰੀਬ ਮਾਸੂਮ ਬੇਟਾ ਅਤੇ ਦੋ ਭੈਣਾਂ ਛੱਡ ਗਏ ਹਨ ਯੁਵਰਾਜ ਸਿੰਘ ਦੋ ਭੈਣਾਂ ਦਾ ਇਕਲੌਤਾ ਭਰਾ ਸੀ ਅਤੇ ਗਰੀਬ ਪਰੀਵਾਰ ਨਾਲ ਸਬੰਧ ਰੱਖਦਾ ਸੀ ਅਤੇ ਫੌਜੀ ਯੁਵਰਾਜ ਸਿੰਘ ਦਾ ਇਸ ਫਾਨੀ ਸੰਸਾਰ ਨੂੰ ਸਦਾ ਲਈ ਅਲਵਿਦਾ ਆਖ ਕਿ ਪ੍ਰਮਾਤਮਾ ਦੇ ਚਰਨਾਂ ਵਿੱਚ ਜਾ ਬਿਰਾਜੇ ਹਨ ਜਿਨ੍ਹਾਂ ਦੇ ਜਾਣ ਨਾਲ ਪਰਿਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ ਅਸੀਂ ਪ੍ਰਮਾਤਮਾਂ ਦੇ ਚਰਨਾਂ ਵਿੱਚ ਅਰਦਾਸ ਕਰਦੇ ਹਾਂ ਕਿ ਪ੍ਰਮਾਤਮਾ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ ਇਸ ਮੌਕੇ ਭਾਈ ਮਨਜੀਤ ਸਿੰਘ, ਭਾਈ ਹਰਵਿੰਦਰ ਸਿੰਘ, ਭਾਈ ਹਰਜੀਤ ਸਿੰਘ , ਜਥੇਦਾਰ ਕਰਤਾਰ ਸਿੰਘ , ਅਮੋਲਕਜੋਤ ਸਿੰਘ, ਭਾਈ ਬਿਕਰਮ ਸਿੰਘ, ਅਮੋਲਕ ਜੀਤ ਸਿੰਘ ਆਦਿ ਵੱਲੋਂ ਪ੍ਰੀਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ ਅਤੇ ਬਾਬਾ ਬਿਬੇਕ ਸਿੰਘ ਤੇ ਬਾਬਾ ਜੀਵਨ ਸਿੰਘ ਜੀ ਸਰਬਸਾਂਝੀ ਸੰਸਥਾ ਦੇ ਸੇਵਾਦਾਰਾਂ ਵੱਲੋਂ ਪ੍ਰੀਵਾਰ ਨੂੰ ਮਾਇਆ ਦੀ ਸੇਵਾ ਦਿੱਤੀ ਗਈ।

> **ਗੁਰਦੁਆਰਾ ਨਾਨਕਸਰ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਤੇ ਸਿੰਘਾਂ ਵੱਲੋਂ ਪ੍ਰੀਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ**



### ਦਿੱਲੀ ਕਮੇਟੀ ਮੈਂਬਰਾਂ ਨੇ ਸੰਗਤ ਦੀ ਹਾਜ਼ਰੀ ਵਿਚ ਗ੍ਰਹਿ ਮੰਤਰੀ ਅਮਿਤ ਸ਼ਾਹ ਅੱਗੇ ਪੰਥ ਦੇ ਗੰਭੀਰ ਮੁੱਦੇ ਕਿਉਂ ਨਹੀਂ ਚੁੱਕੇ : ਜਸਮੀਤ ਸਿੰਘ ਪੀਤਮਪੁਰਾ

# ਦਿੱਲੀ ਏਅਰਪੋਰਟ ਦਾ ਨਾਮ ਬਦਲਵਾਣ ਨਾਲੋਂ ਓਥੇ ਕ੍ਰਿਪਾਨ ਤੇ ਲਗੀ ਪਾਬੰਦੀ ਪਹਿਲਾਂ ਹਟਵਾਣੀ ਚਾਹੀਦੀ ਹੈ



ਨਵੀਂ ਦਿੱਲੀ 9 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਮੌਕੇ ਦੇਸ਼ ਦੇ ਗ੍ਰਿਹਮੰਤਰੀ ਅਮਿਤ ਸ਼ਾਹ ਨੇ ਗੁਰੂਦੁਆਰਾ ਰਕਾਬ ਸਾਹਿਬ ਵਿਖ਼ੇ ਮਨਾਏ ਗਏ ਸਮਾਗਮ ਵਿਚ ਹਾਜ਼ਿਰੀ ਭਰੀ ਸੀ ।ਇਸ ਮੌਕੇ ਕਮੇਟੀ ਪ੍ਰਬੰਧਕਾਂ ਵਲੋਂ ਜਦੋ ਓਹ ਸੰਗਤੀ ਰੂਪ ਵਿਚ ਹਾਜਿਰ ਸਨ ਉਨ੍ਹਾਂ ਮੂਹਰੇ ਸਿੱਖ ਪੰਥ ਦੇ ਕੌਈ ਵੀਂ ਮਸਲਾ ਨਹੀਂ ਚੁਕਿਆ ਗਿਆ ਮਗਰੋਂ ਫੋਕੀ ਸ਼ੋਹਰਤ ਲੈਣ ਲਈ ਅਖਬਾਰਾਂ ਵਿਚ ਲੰਮੇ ਚੋੜੇ ਬਿਆਨ ਲਗਵਾ ਦਿੱਤੇ ਕਿ ਅਸੀਂ ਗ੍ਰਿਹਮੰਤਰੀ ਕੋਲੋਂ ਪੰਥ ਲਈ ਬਹੁਤ ਮੰਗਾ ਮੰਗੀਆਂ ਹਨ । ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਸਕੱਤਰ ਜਨਰਲ ਅਤੇ ਯੂਥ ਅਕਾਲੀ ਦਲ ਦੀ ਕੌਰ ਕਮੇਟੀ ਦੇ ਮੈਂਬਰ ਸਰਦਾਰ ਜਸਮੀਤ ਸਿੰਘ ਪੀਤਮਪੁਰਾ ਨੇ ਮੀਡੀਆ ਨੂੰ ਜਾਰੀ ਕੀਤਾ ਇਕ ਬਿਆਨ ਰਾਹੀਂ ਕਿਹਾ ਕਿ ਇਹ ਸਰਕਾਰ ਦੀ ਚਾਪਲੂਸੀ ਕਰਣ ਵਿਚ ਇੰਨੇ ਆਤੂਰ ਹਨ ਕਿ ਗੁਰਦੁਆਰਾ ਰਕਾਬ ਸਾਹਿਬ ਜੀ ਦੀ ਸਟੇਜ ਤੋਂ ਬੰਦੀ ਸਿੰਘ, ਕਿਸਾਨਾਂ, ਹਵਾਈ ਯਾਤਰਾ ਰਾਹੀਂ ਕ੍ਰਿਪਾਨ ਤੇ ਲੱਗੀ ਪਾਬੰਦੀ ਅਤੇ ਕਮੇਟੀ ਅਧੀਨ ਚਲ ਰਹੇ ਸਕੂਲ ਜਿਨ੍ਹਾਂ ਦੇ ਆਰਥਿਕ ਹਾਲਾਤਾਂ ਕਰਕੇ ਅਦਾਲਤ ਅੰਦਰ ਕੇਸ ਚਲ ਰਹੇ ਹਨ ਲਈ ਮਦਦ ਸਮੇਤ ਹੋਰ ਬਹੁਤ ਸਾਰੇ ਸਿੱਖ ਪੰਥ ਦੇ ਗੰਭੀਰ ਮਸਲੇ ਹਨ ਉਨ੍ਹਾਂ 'ਚੋਂ ਇਕ ਵੀਂ ਨਹੀਂ ਬੋਲ ਸਕੇ ।ਇਥੇ ਵਿਚਾਰ ਕਰਣਾ ਬਣਦਾ ਹੈ ਕਿ ਜੋ ਲੋਕ ਗ੍ਰਿਹਮੰਤਰੀ ਅਤੇ ਸੰਗਤ ਸਾਹਮਣੇ ਗੱਲ ਤਕ ਨਹੀਂ ਕਰ ਸਕੇ ਬੰਦ ਕਮਰਿਆ ਅੰਦਰ ਨੇਤਾ ਲੋਕਾਂ ਨਾਲ ਕਿਦਾਂ ਅੱਖਾਂ ਵਿਚ ਅੱਖ ਮਿਲਾ ਕੇ ਗੱਲ ਕਰਣ ਦੀ ਹਿੰਮਤ ਰੱਖਦੇ ਹੋਣਗੇ ।ਇਕ ਪਾਸੇ ਇਹ ਦਿੱਲੀ ਏਅਰਪੋਰਟ ਦਾ ਨਾਮ ਬਦਲ ਕੇ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਨਾਮ ਤੇ ਕਰਣ ਦੀ ਮੰਗ ਕਰ ਰਹੇ ਹਨ ਪਰ ਓਸ ਥਾਂ ਤੇ ਸਿੱਖਾਂ ਦੀ ਕ੍ਰਿਪਾਨ ਤੇ ਲੱਗੀ ਪਾਬੰਦੀ ਬਾਰੇ ਗੱਲ ਕਰਦਿਆਂ ਇੰਨ੍ਹਾ ਦੇ ਸਾਹ ਸੁਕ ਰਹੇ ਸਨ । ਇੰਨ੍ਹਾ ਲੋਕਾਂ ਦੀ ਸਰਪ੍ਰਸਤੀ ਹੇਠ ਜਿੱਥੇ ਕਮੇਟੀ ਅਧੀਨ ਚਲ ਰਹੇ ਸਕੂਲਾਂ ਦੇ ਸਟਾਫ ਨੂੰ ਤਨਖਵਾਹ ਸਮੇਂ ਸਿਰ ਨਹੀਂ ਮਿਲ ਰਹੀ ਓਥੇ ਇੰਨ੍ਹਾ ਵਲੋਂ ਆਪ ਮੂਹਰੇ ਹੋ ਕੇ ਸਟਾਫ ਨੂੰ ਬਕਾਇਆ ਦੇਣ ਲਈ ਦਿੱਲੀ ਗੁਰਦੁਆਰਾ ਕਮੇਟੀ ਦੀ ਜਾਇਦਾਦ ਨੂੰ ਕੁਰਕ ਕਰਣ ਲਈ ਅਦਾਲਤ ਅੰਦਰ ਕਿਹਾ ਹੈ ਜੋ ਕਿ ਪੰਥ ਲਈ ਵਡੀ ਨਮੋਸ਼ੀ ਹੈ ।

# ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਮਹਿਤਾ ਚੌਂਕ ਵਿਖੇ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ ਗਿਆ




**ਚੌਂਕ ਮਹਿਤਾ, 8 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਾਹਿਬ-ਏ-ਕਮਾਲ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਨੂੰ ਇਲਾਕੇ ਦੀ ਨਾਮਵਰ ਵਿਦਿਆ ਸੰਸਥਾਵਾਂ ਦਸ਼ਮੇਸ਼ ਵਿੱਦਿਅਕ ਸੰਸ਼ਥਾਵਾਂ ਮਹਿਤਾ ਚੌਂਕ ਵਿਖੇ ਬੜੀ ਸ਼ਰਧਾ ਭਾਵਨਾ ਅਤੇ ਧੂਮ-ਧਾਮ ਨਾਲ ਮਨਾਇਆ ਗਿਆ।ਦਸਮ-ਪਿਤਾ ,ਸਰਬੰਸਦਾਨੀ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਨੂੰ ਯਾਦ ਕਰਦਿਆਂ ਵਿਦਿਆਰਥੀਆਂ ਵੱਲੋਂ ਗੁਰਬਾਣੀ ਦਾ ਰਸ ਭਿੰਨਾ ਕੀਰਤਨ ਸੰਗਤੀ ਰੂਪ ਵਿੱਚ ਬੈਠ ਕੇ ਗਾਇਨ ਅਤੇ ਸਰਵਣ ਕੀਤਾ ਗਿਆ।ਵਿਦਿਆਰਥੀਆਂ ਨੂੰ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਬਾਰੇ ਚਾਨਣਾ ਕਰਵਾਇਆ ਅਤੇ ਉਹਨਾਂ ਵੱਲੋਂ ਕੀਤੀਆਂ ਗਈਆਂ ਕੁਰਬਾਨੀਆਂ ਬਾਰੇ ਜਾਣੂ ਕੀਤਾ ਗਿਆ ।ਦਸਮ ਪਿਤਾ ਦੇ ਨਾਮ ਉੱਪਰ ਚੱਲ ਰਹੀਆਂ ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਵਿਖੇ ਗੁਰਪੁਰਬ ਦੀਆਂ ਖੁਸ਼ੀਆਂ ਨੂੰ ਮੁੱਖ ਰੱਖਦੇ ਹੋਏ ਪਿਛਲੇ ਰੋਜ਼ਾ ਤੋਂ ਚੱਲ ਰਹੇ ਸਹਿਜ ਪਾਠ ਦਾ ਭੋਗ ਪਾਇਆ ਗਿਆ ਅਤੇ ਮਿੱਠੇ ਪਦਾਰਥ ਦਾ ਲੰਗਰ ਲਗਾਇਆ ਗਿਆ ।ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਇਸ ਸੇਵਾ ਵਿੱਚ ਵੱਧ ਚੜ ਕੇ ਹਿੱਸਾ ਪਾਇਆ ਗਿਆ ਅਤੇ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ ਗਈਆਂ ।ਸਕੂਲ ਦੇ ਚੈਅਰਮੈਨ ਸਰਦਾਰ ਗੁਰਦੀਪ ਸਿੰਘ ਰੰਧਾਵਾ ਨੇ ਵਿਦਿਆਰਥੀਆਂ ਨੂੰ ਪ੍ਰੇਰਨਾ ਦਿੰਦਿਆਂ ਹੋਇਆਂ ਕਿਹਾ ਕਿ ਉਹ ਦਸਮ ਪਿਤਾ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਦਰਸਾਏ ਗਏ ਸਿਧਾਂਤਾਂ ਦੀ ਪਾਲਣਾ ਕਰਨ ਅਤੇ ਧਰਮ ਵਿੱਚ ਪੱਕੇ ਰਹਿ ਕੇ ਆਪਣੇ ਜੀਵਨ ਦਾ ਨਿਰਬਾਹ ਕਰਨ ।ਇਸ ਮੌਕੇ ਪ੍ਰਿੰਸੀਪਲ ਮੈ.ਗੁਰਬੀਰ ਕੌਰ,ਸ.ਮਨਪ੍ਰੀਤ ਸਿੰਘ ਟੱਕਰ,ਮੈ.ਹਰਪ੍ਰੀਤ ਕੌਰ ,ਮੈ.ਰਵਿੰਦਰ ਕੌਰ,ਮੈ.ਬਲਜੀਤ ਕੌਰ ਆਦਿ ਸਟਾਫ ਹਾਜਰ ਸਨ ।

# ਮਾਰਕਫੈੱਡ ਵੱਲੋਂ 25ਵੇਂ ਆਮ ਇਜਲਾਸ ਦਾ ਆਯੋਜਨ



**ਮਹਿਤਾ ਚੌਂਕ, 9 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਰਾਜ ਸਹਿਕਾਰੀ ਸਪਲਾਈ ਅਤੇ ਮੰਡੀਕਰਨ ਫੈਡਰੇਸ਼ਨ ਲਿਮਿਟਿਡ ਵੱਲੋਂ 25ਵੇਂ ਆਮ ਇਜਲਾਸ ਅਤੇ ਡੈਲੀਗੇਟਸ ਦਾ ਆਯੋਜਨ ਕੀਤਾ ਗਿਆ ਮੁੱਖ ਦਫਤਰ ਮਾਰਕਫੈੱਡ ਚੰਡੀਗੜ ਤੋ 25ਵੇਂ ਆਮ ਇਜਲਾਸ ਦੀ ਪ੍ਰਧਾਨਗੀ ਚੇਅਰਮੈਨ ਮਾਰਕਫੈੱਡ ਪੰਜਾਬ ਸ੍ਰ ਅਮਨਦੀਪ ਸਿੰਘ ਮੋਹੀ ਵੱਲੋਂ ਕੀਤੀ ਗਈ। ਉਨ੍ਹਾਂ ਆਪਣੇ ਸੰਬੋਧਨ ਵਿੱਚ ਮਾਰਕਫੈੱਡ ਅਦਾਰੇ ਦੀਆਂ ਪ੍ਰਾਪਤੀਆਂ ਅਤੇ ਲੇਖਾਂ ਜੋਖਾ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਤੋਂ ਇਲਾਵਾ ਮਾਰਕਫੈੱਡ ਪੰਜਾਬ ਦੇ ਪ੍ਰਬੰਧਕ ਨਿਰਦੇਸ਼ਕ ਸ਼੍ਰੀ ਗਿਰਿਸ਼ ਦਿਆਲਨ IAS ਨੇ ਵੀ ਸੰਬੋਧਿਤ ਕੀਤਾ। ਇਸ ਮੌਕੇ ਵੱਖ ਵੱਖ ਸਹਿਕਾਰੀ ਖੇਤੀਬਾੜੀ ਸੇਵਾ ਸਭਾਵਾਂ ਦੇ ਸਕੱਤਰ ਮੌਜੂਦ ਸਨ। ਇਸ ਮੌਕੇ ਜਿਲ੍ਹਾ ਪ੍ਰਬੰਧਕ ਮਾਰਕਫੈੱਡ ਅੰਮ੍ਰਿਤਸਰ ਸ੍ਰ ਮਨਿੰਦਰਪਾਲ ਸਿੰਘ, ਖਾਦ ਸਪਲਾਈ ਅਫਸਰ ਸ ਬਲਜੀਤ ਸਿੰਘ ਨੇ ਇਜਲਾਸ ਵਿੱਚ ਸ਼ਾਮਿਲ ਸਕੱਤਰਾਂ ਨਾਲ ਉਨ੍ਹਾਂ ਦੀਆਂ ਮੁਸਕਲਾਂ ਤੇ ਉਨ੍ਹਾਂ ਦੇ ਹੱਲ ਸਬੰਧੀ ਵਿਸਥਾਰ ਪੂਰਵਕ ਵਿਚਾਰ ਚਰਚਾ ਕੀਤੀ।ਇਸ ਇਜਲਾਸ ਵਿੱਚ ਬ੍ਰਾਂਚ ਮੈਨੇਜਰ ਮਾਰਕਫੈੱਡ ਗਹਿਰੀ/ਤਰਸਿੱਕਾ ਸ ਸੁਖਰਾਜ ਸਿੰਘ, ਬ੍ਰਾਂਚ ਮਾਰਕਫੈੱਡ ਰਈਆ ਸ੍ਰ ਗੁਰਪ੍ਰੀਤ ਸਿੰਘ, ਪੁਸ਼ਿਪੰਦਰ ਸਿੰਘ, ਸ੍ਰ ਕਮਲਦੀਪ ਸਿੰਘ ਤਕਨੀਕੀ ਅਫਸਰ ਅਰੁਣ ਬਖਸ਼ੀ, ਇੰਸਪੈਕਟਰ ਦਲਜੀਤ ਸਿੰਘ, ਇੰਸਪੈਕਟਰ ਹਰਪ੍ਰੀਤ ਸਿੰਘ,ਉੱਚ ਲੇਖਾ ਅਫਸਰ ਰਾਬਿਨ ਸੈਣੀ ਸ੍ਰ ਅਮਨਦੀਪ ਸਿੰਘ, ਸਕੱਤਰ ਸਰਬਜੀਤ ਸਿੰਘ ਉਦੋਕੇ, ਸਕੱਤਰ ਨਵਤੇਜ ਸਿੰਘ ਕਲੇਰ ਘੁਮਾਣ, ਸਕੱਤਰ ਅਮਨਬੀਰ ਸਿੰਘ ਸੁਧਾਰ ਰਾਜਪੂਤਾਂ, ਸਕੱਤਰ ਸਰਬਜੀਤ ਸਿੰਘ ਵਡਾਲਾ ਕਲਾਂ, ਸੁਖਜਿੰਦਰ ਸਿੰਘ,ਅਨੂ ਬਾਲਾ ਸਮੇਤ ਵੱਖ ਵੱਖ ਸਭਾਵਾਂ ਦੇ ਸਕੱਤਰ ਮੌਜੂਦ ਸਨ।

# ਦਿੱਲੀ ਸਿੱਖ ਕਤਲੇਆਮ ਦੇ ਇਕ ਮਾਮਲੇ 'ਚ ਨਾਮਜਦ ਸੱਜਣ ਕੁਮਾਰ ਖ਼ਿਲਾਫ਼ 21 ਜਨਵਰੀ ਨੂੰ ਫ਼ੈਸਲਾ ਆਉਣ ਦੀ ਸੰਭਾਵਨਾ



**ਨਵੀਂ ਦਿੱਲੀ, 9 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):**-ਦਿੱਲੀ ਦੀ ਇੱਕ ਅਦਾਲਤ 21 ਜਨਵਰੀ ਨੂੰ ਕਾਂਗਰਸ ਦੇ ਸਾਬਕਾ ਸੰਸਦ ਮੈਂਬਰ ਸੱਜਣ ਕੁਮਾਰ ਜੋ ਕਿ ਇਸ ਸਮੇਂ ਦਿੱਲੀ ਦੀ ਤਿਹਾੜ ਜੇਲ੍ਹ ਅੰਦਰ ਉਮਰਕੈਦ ਦੀ ਸਜ਼ਾ ਭੁਗਤ ਰਿਹਾ ਹੈ ਵੀਡੀਓ ਕਾਨਫਰੰਸ ਰਾਹੀਂ ਅਦਾਲਤ ਅੰਦਰ ਪੇਸ਼ ਹੋਇਆ ਸੀ, ਵਿਰੁੱਧ 1984 ਦੇ ਸਿੱਖ ਕਤਲੇਆਮ ਦੇ ਕਤਲ ਕੇਸ ਵਿੱਚ ਆਪਣਾ ਫ਼ੈਸਲਾ ਸੁਣਾਏਗੀ।ਇਹ ਮਾਮਲਾ ਦੰਗਿਆਂ ਦੌਰਾਨ ਸਰਸਵਤੀ ਵਿਹਾਰ ਖੇਤਰ ਵਿੱਚ ਦੋ ਸਿੱਖਾਂ ਦੀ ਹੱਤਿਆ ਨਾਲ ਜੁੜਿਆ ਹੋਇਆ ਹੈ।ਅਦਾਲਤ ਅੰਦਰ ਵਿਸ਼ੇਸ਼ ਜੱਜ ਕਾਵੇਰੀ ਬਵੇਜਾ ਨੇ ਫ਼ੈਸਲੇ ਨੂੰ ਟਾਲਦਿਆਂ ਅਗਲੀ ਤਰੀਕ 21 ਜਨਵਰੀ ਜਾਰੀ ਕੀਤੀ ਹੈ।ਅਦਾਲਤ ਨੇ 1 ਨਵੰਬਰ 1984 ਨੂੰ ਜਸਵੰਤ ਸਿੰਘ ਅਤੇ ਉਸ ਦੇ ਪੁੱਤਰ ਤਰੁਣਦੀਪ ਸਿੰਘ ਦੇ ਕਤਲ ਨਾਲ ਸਬੰਧਤ ਕੇਸ ਵਿੱਚ ਅੰਤਿਮ ਦਲੀਲਾਂ ਸੁਣਨ ਤੋਂ ਬਾਅਦ ਫ਼ੈਸਲਾ ਰਾਖਵਾਂ ਰੱਖ ਲਿਆ ਸੀ।ਇਸ ਸਬੰਧੀ ਪੰਜਾਬੀ ਬਾਗ ਥਾਣਾ ਦੀ ਪੁਲੀਸ ਨੇ ਕੇਸ ਦਰਜ ਕੀਤਾ ਸੀ ਪਰ ਬਾਅਦ ਵਿੱਚ ਵਿਸ਼ੇਸ਼ ਜਾਂਚ ਟੀਮ ਨੇ ਆਪਣੀ ਕਾਰਵਾਈ ਸੰਭਾਲ ਲਈ।16 ਦਸੰਬਰ 2021 ਨੂੰ ਅਦਾਲਤ ਨੇ ਕੁਮਾਰ ਵਿਰੁੱਧ ਦੋਸ਼ ਆਇਦ ਕੀਤੇ। ਇਸਤਗਾਸਾ ਪੱਖ ਦੇ ਅਨੁਸਾਰ ਮਾਰੂ ਹਥਿਆਰਾਂ ਨਾਲ ਲੈਸ ਇੱਕ ਵੱਡੀ ਭੀੜ ਨੇ ਸਾਬਕਾ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਹੱਤਿਆ ਦਾ ਬਦਲਾ ਲੈਣ ਲਈ ਵੱਡੇ ਪੱਧਰ 'ਤੇ ਲੁੱਟਮਾਰ, ਅੱਗਜ਼ਨੀ ਅਤੇ ਸਿੱਖਾਂ ਦੀਆਂ ਜਾਇਦਾਦਾਂ ਨੂੰ ਤਬਾਹ ਕੀਤਾ।ਇਸਤਗਾਸਾ ਪੱਖ ਨੇ ਦੋਸ਼ ਲਾਇਆ ਕਿ ਭੀੜ ਨੇ ਸ਼ਿਕਾਇਤਕਰਤਾ ਜਸਵੰਤ ਸਿੰਘ ਦੀ ਪਤਨੀ ਦੇ ਘਰ 'ਤੇ ਹਮਲਾ ਕੀਤਾ, ਉਸ ਦੇ ਪਤੀ ਅਤੇ ਉਨ੍ਹਾਂ ਦੇ ਪੁੱਤਰ ਦੀ ਹੱਤਿਆ ਕਰ ਦਿੱਤੀ, ਇਸ ਤੋਂ ਇਲਾਵਾ ਸਾਮਾਨ ਲੁੱਟਿਆ ਅਤੇ ਘਰ ਨੂੰ ਅੱਗ ਲਗਾ ਦਿੱਤੀ।

### ਫਰੀਦਕੋਟ ਤੋਂ ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਖ਼ਾਲਸਾ ਨੇ ਖਡੂਰ ਸਾਹਿਬ ਤੋਂ ਐਮ.ਪੀ. ਭਾਈ ਅੰਮ੍ਰਿਤਪਾਲ ਸਿੰਘ ਉੱਪਰ ਮੁੜ ਯੂਏਪੀਏ ਲਗਾਉਣ ਨੂੰ

# ਭਗਵੰਤ ਮਾਨ ਦੀ ਸਾਜ਼ਿਸ਼ ਕਰਾਰ ਦਿੱਤਾ

**ਫਰੀਦਕੋਟ, 9 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਫਰੀਦਕੋਟ ਤੋਂ ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਖ਼ਾਲਸਾ ਨੇ ਖਡੂਰ ਸਾਹਿਬ ਤੋਂ ਐਮ.ਪੀ. ਭਾਈ ਅੰਮ੍ਰਿਤਪਾਲ ਸਿੰਘ ਉੱਪਰ ਮੁੜ ਯੂਏਪੀਏ ਲਗਾਉਣ ਨੂੰ ਭਗਵੰਤ ਮਾਨ ਦੀ ਸਾਜ਼ਿਸ਼ ਕਰਾਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਪੰਜਾਬੋਂ ਬਾਹਰ ਜੇਲ੍ਹ ਵਿਚ ਪਹਿਲਾਂ ਹੀ ਬੰਦ ਹਨ ਇਸ ਲਈ ਉਨ੍ਹਾਂ ਦਾ ਸ. ਗੁਰਪ੍ਰੀਤ ਸਿੰਘ ਹਰੀ ਨੌਂ ਦੇ ਕਤਲ ਵਿਚ ਸ਼ਾਮਲ ਹੋਣ ਦਾ ਸਵਾਲ ਹੀ ਪੈਦਾ ਨਹੀਂ ਹੁੰਦਾ ਪਰੰਤੂ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਇੱਕ ਸੋਚੀ-ਸਮਝੀ ਸਾਜ਼ਿਸ਼ ਤਹਿਤ ਉਸ ਕਤਲ ਮਾਮਲੇ ਵਿਚ ਭਾਈ ਸਾਹਿਬ ਉੱਪਰ ਯੂਏਪੀਏ ਲਗਵਾਇਆ ਗਿਆ ਹੈ। ਐਮ.ਪੀ. ਭਾਈ ਖ਼ਾਲਸਾ ਨੇ ਕਿਹਾ ਕਿ 14 ਜਨਵਰੀ ਨੂੰ ਸ੍ਰੀ ਮੁਕਤਸਰ ਸਾਹਿਬ ਵਿਖੇ ਐਮ.ਪੀ. ਭਾਈ ਅੰਮ੍ਰਿਤਪਾਲ ਸਿੰਘ ਅਤੇ ਸਾਡੇ ਵੱਲੋਂ ਇੱਕ ਨਵੀਂ ਖੇਤਰੀ ਪਾਰਟੀ ਦੀ ਸਥਾਪਨਾ ਕੀਤੀ ਜਾਣੀ ਹੈ ਜਿਸ ਤੋਂ ਘਬਰਾ ਕੇ ਭਗਵੰਤ ਮਾਨ ਵੱਲੋਂ ਅਜਿਹੀਆਂ ਸਾਜ਼ਿਸ਼ਾਂ ਨੂੰ ਅੰਜਾਮ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਭਾਈ ਅੰਮ੍ਰਿਤਪਾਲ ਸਿੰਘ ਨੂੰ ਮੈਂਬਰ ਪਾਰਲੀਮੈਂਟ ਚੁਣਿਆ ਹੈ ਇਸ ਲਈ ਉਨ੍ਹਾਂ ਦੀ ਰਿਹਾਈ ਕੀਤੀ ਜਾਣੀ ਚਾਹੀਦੀ ਹੈ ਤਾਂ ਜੋ ਉਹ ਆਪਣੇ ਹਲਕੇ ਵਿਚ ਕੰਮ ਕਰ ਸਕਣ। ਉਨ੍ਹਾਂ ਕਿਹਾ ਕਿ ਤਾਨਾਸ਼ਾਹੀ ਦੀਆਂ ਸਿਖ਼ਰਾਂ ਉੱਪਰ ਪਹੁੰਚ ਚੁੱਕੇ ਭਗਵੰਤ ਮਾਨ ਨੂੰ ਇਹ ਨਹੀਂ ਭੁੱਲਣਾ ਚਾਹੀਦਾ ਕਿ ਹੰਕਾਰੀ ਬੰਦੇ ਦਾ ਅਰਸ਼ ਤੋਂ ਫਰਸ਼ 'ਤੇ ਆਉਣਾ ਯਕੀਨੀ ਹੁੰਦਾ ਹੈ।




### ਭਾਜਪਾ ਆਗੂ ਸੁਖਮਿੰਦਰਪਾਲ ਗਰੇਵਾਲ ਨੇ ਜਥੇਦਾਰ ਨੂੰ ਸ. ਡੱਲੇਵਾਲ ਬਾਰੇ ਆਦੇਸ਼ ਜਾਰੀ ਕਰਨ ਦੀ ਕੀਤੀ ਅਪੀਲ

# ਕਿਸਾਨ ਆਗੂ ਸ. ਡੱਲੇਵਾਲ ਦੀ ਵਿਗੜ ਰਹੀ ਸਿਹਤ 'ਤੇ ਭਾਜਪਾ ਆਗੂਆਂ ਨੇ ਗਹਿਰੀ ਚਿੰਤਾ ਜਤਾਈ

**ਅੰਮ੍ਰਿਤਸਰ, 9 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ ਦੇ ਕੌਮੀ ਕਿਸਾਨ ਆਗੂ ਸੁੱਖਮਿੰਦਰਪਾਲ ਸਿੰਘ ਗਰੇਵਾਲ ਭੂਖੜੀ ਕਲਾਂ ਅਤੇ ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਦੀਅਗਵਾਈ ਵਿਚ ਇਕ ਵਫਦ ਨੇ ਖਨੌਰੀ ਸਰਹੱਦ 'ਤੇ ਮਰਨ ਵਰਤ 'ਤੇ ਬੈਠੇ ਕਿਸਾਨ ਆਗੂ ਸ. ਜਗਜੀਤ ਸਿੰਘ ਡੱਲੇਵਾਲ ਦੀ ਵਿਗੜ ਰਹੀ ਸਿਹਤ 'ਤੇ ਗਹਿਰੀ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਸ. ਡੱਲੇਵਾਲ ਦਾ ਮਰਨ ਵਰਤ ਤੁੜਵਾਉਣ ਲਈ ਚਾਰਾਜੋਈ ਕਰਨ ਦੀ ਅਪੀਲ ਕੀਤੀ ਹੈ ।ਵਫਦ ਵਿਚ ਸਤਪਾਲ ਸਿੰਘ ਸਰਪੰਚ ਭੂਖੜੀ, ਬਲਵਿੰਦਰ ਸਿੰਘ ਸਾਬਕਾ ਸਰਪੰਚ ਭੂਖੜੀ, ਹਰਬੰਸ ਸਿੰਘ ਸਾਬਕਾ ਮੈਂਬਰ ਪੰਚਾਇਤ, ਹਰਮਨਪ੍ਰੀਤ ਸਿੰਘ ਪੰਨੂ ਅਤੇ ਲਖਵਿੰਦਰ ਸਿੰਘ ਲੱਖਾ ਬਾਬਾ ਭੂਖੜੀ ਵੀ ਸ਼ਾਮਿਲ ਸਨ। ਸ੍ਰੀ ਅਕਾਲ ਤਖਤ ਸਾਹਿਬ ਸਕਤਰੇਤ ਦੇ ਬਾਹਰ ਪ੍ਰੈਸ ਨਾਲ ਗਲਬਾਤ ਕਰਦਿਆਂ ਸੁੱਖਮਿੰਦਰਪਾਲ ਸਿੰਘ ਗਰੇਵਾਲ ਨੇ ਕਿਹਾ ਕਿ ਕਿਸਾਨ ਆਗੂ ਸ. ਜਗਜੀਤ ਸਿੰਘ ਡੱਲੇਵਾਲ ਜੋ ਕਿ ਇਕ ਗੁਰਸਿੱਖ ਹਨ, ਦੇ ਮਾਮਲੇ ਵਿਚ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਉਸ ਦੀ ਜਾਨ ਨੂੰ ਬਚਾਉਣ ਲਈ ਮਰਨ ਵਰਤ ਖ਼ਤਮ ਕਰਨ ਪ੍ਰਤੀ ਆਪਣੀ ਭੂਮਿਕਾ ਨਿਭਾਉਣੀ 'ਤੇ ਵਿਚਾਰ ਕਰਨ ਦੀ ਅਪੀਲ ਕੀਤੀ ਗਈ ਹੈ। ਉਨ੍ਹਾਂ ਇਹ ਵੀ ਅਪੀਲ ਕੀਤੀ ਕਿ ਭਵਿੱਖ ਵਿੱਚ ਵੀ ਕੋਈ ਵੀ ਆਗੂ ਜਾਂ ਵਰਕਰ ਮਰਨ ਵਰਤ ਜਿਹਾ ਫ਼ੈਸਲਾ ਨਾ ਲਵੇ ਇਹ ਯਕੀਨੀ ਬਣਾਇਆ ਜਾਵੇ। ਸੁਖਮਿੰਦਰਪਾਲ ਸਿੰਘ ਗਰੇਵਾਲ ਜੋਕਿ ਕੇਂਦਰੀ ਖੇਤੀਬਾੜੀ ਮੰਤਰੀ ਸ਼੍ਰੀ ਸ਼ਿਵਰਾਜ ਸਿੰਘ ਚੌਹਾਨ ਦਾ ਨਜ਼ਦੀਕੀ ਸਾਥੀ ਹਨ ਵੱਲੋਂ ਬੀਤੇ ਦਿਨੀਂ ਖਨੌਰੀ ਬਾਰਡਰ ਵਿਖੇ ਸ. ਡੱਲੇਵਾਲ ਨੂੰ ਮਿਲ ਕੇ ਉਨ੍ਹਾਂ ਦੀ ਸਿਹਤ ਦਾ ਹਾਲ ਚਾਲ ਪਤਾ ਕੀਤਾ ਅਤੇ ਉਨ੍ਹਾਂ ਨੂੰ ਮਰਨ ਵਰਤ ਛੱਡਣ ਦੀ ਅਪੀਲ ਕੀਤੀ। ਅੱਜ ਉਨ੍ਹਾਂ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਇਸ ਮਾਮਲੇ 'ਚ ਦਖ਼ਲ ਦੇਣ ਅਤੇ ਮਰਨ ਵਰਤ ਛਡਵਾਉਣ ਲਈ ਅਪੀਲ ਕਰਨ ਆਏ ਹਨ। ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਕਈ ਮਾਮਲਿਆਂ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਦੀਆਂ ਇਕੱਤਰਤਾਵਾਂ ਵਿਚ ਭੁੱਖ ਹੜਤਾਲ'ਤੇ ਬੈਠਣ ਵਾਲੇ ਵਿਅਕਤੀਆਂ ਜਿਵੇਂ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਅਤੇ ਭਾਈ ਗੁਰਬਖਸ਼ ਸਿੰਘ ਆਦਿ ਨੂੰ ਕਿਸੇ ਵੀ ਢੰਗ ਨਾਲ ਆਪਣੀ ਸਿਹਤ ਨੂੰ ਨੁਕਸਾਨ ਨਾ ਪਹੁੰਚਾਉਣ ਅਤੇ ਤੁਰੰਤ ਆਪਣੀ ਭੁੱਖ ਹੜਤਾਲ ਵਾਪਸ ਲੈ ਕੇ ਸਿਹਤ ਦਾ ਖ਼ਿਆਲ ਰੱਖਣ ਪ੍ਰਤੀ ਆਦੇਸ਼ ਕੀਤੇ ਗਏ ਹਨ, ਜਿਸ ਨੂੰ ਉਨ੍ਹਾਂ ਨੇ ਸਮੇਂ ਸਮੇਂ ਖਿੜੇ ਮੱਥੇ ਪਰਵਾਨ ਵੀ ਕੀਤਾ ਹੈ।ਅੱਜ ਉਸੇ ਤਰਜ਼ 'ਤੇ ਸ. ਡੱਲੇਵਾਲ ਨੂੰ ਮਰਨ ਵਰਤ ਛੱਡ ਕੇ ਗੱਲਬਾਤ ਦਾ ਰਸਤਾ ਅਖ਼ਿਤਆਰ ਕਰਨ ਪ੍ਰਤੀ ਆਦੇਸ਼ ਦੇਣ ਦੀ ਜਰੂਰਤ ਹੈ। ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਨੇ ਕਿਸਾਨਾਂ ਨਾਲ ਗੱਲਬਾਤ ਲਈ ਦਰਵਾਜ਼ੇ ਹਮੇਸ਼ਾਂ ਖੁੱਲ੍ਹੇ ਰੱਖੇ ਹਨ।ਉਨ੍ਹਾਂ ਕਿਹਾ ਕਿ ਕੁਝ ਲੋਕ ਸਿਆਸੀ ਤੇ ਨਿੱਜੀ ਸਵਾਰਥ ਲਈ ਮੋਦੀ ਸਰਕਾਰ ਖਿਲਾਫ ਬਿਰਤਾਂਤ ਸਿਰਜਣ ਦੀ ਨਾਕਾਮ ਕੋਸ਼ਿਸ਼ ਕਰ ਰਹੇ ਹਨ, ਜਿੱਥੇ ਕਿ ਮੋਦੀ ਸਰਕਾਰ ਲਈ ਕਿਸਾਨ ਅਤੇ ਖੇਤੀਬਾੜੀ ਵਿਸ਼ੇਸ਼ ਤਰਜੀਹੀ ਖੇਤਰ ਹੈ ਅਤੇ ਖੇਤੀਬਾੜੀ ਨੂੰ ਨਵੇਂ ਯੁੱਗ ਵਿਚ ਲਿਜਾਣ ਲਈ ਯਤਨਸ਼ੀਲ ਹੈ। ਕੇਂਦਰ ਨੇ ਕਿਸਾਨਾਂ ਦੀ ਆਮਦਨ ਵਧਾਉਣ ਅਤੇ ਖੇਤੀਬਾੜੀ ਨੂੰ ਤਕਨਾਲੋਜੀ ਨਾਲ ਜੋੜਨ ਲਈ ਅਹਿਮ ਉਪਰਾਲੇ ਕੀਤੇ ਹਨ। ਜਿੱਥੇ ਕਾਂਗਰਸ ਦੀ ਸਰਕਾਰ ਸਮੇਂ 2013-14 ਦੌਰਾਨ ਕੇਂਦਰੀ ਖੇਤੀ ਬਜਟ 20 ਹਜ਼ਾਰ ਕਰੋੜ ਵੀ ਨਹੀਂ ਸੀ ਉਹ ਹੁਣ 2024-25 ਨੂੰ ਖੇਤੀਬਾੜੀ ਅਤੇ ਸਹਾਇਕ ਖੇਤਰ ਲਈ ਕੇਂਦਰੀ ਬਜਟ 1.52 ਲੱਖ ਕਰੋੜ ਰੁਪਏ ਹੈ। ਕਿਸਾਨ ਸਨਮਾਨ ਨਿਧੀ ਯੋਜਨਾ, ਮੈਡੀਕਲ ਸਿਹਤ ਬੀਮਾ ਯੋਜਨਾ, ਪ੍ਰਧਾਨ ਮੰਤਰੀ ਫ਼ਸਲ ਬੀਮਾ ਯੋਜਨਾ, ਕਿਸਾਨ ਕ੍ਰੈਡਿਟ ਕਾਰਡ, ਖਾਦਾਂ 'ਤੇ ਸਬਸਿਡੀ, ਖੇਤੀ ਨਿਰਯਾਤ 'ਚ ਵਾਧਾ, ਪ੍ਰਧਾਨ ਮੰਤਰੀ ਕਿਸਾਨ ਸਮ੍ਰਿਧੀ ਕੇਂਦਰ ਯੋਜਨਾ, ਫ਼ਸਲਾਂ ਦੀ ਐੱਮ ਐਸ ਪੀ ਵਿਚ ਦੋ ਗੁਣਾ ਤੋਂ ਵੱਧ ਵਾਧਾ ਕੀਤਾ ਗਿਆ। ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਕੇਂਦਰੀ ਵੱਲੋਂ ਜਾਰੀ ਐੱਮ ਐਸ ਪੀ ਤੋਂ ਘੱਟ ਮੁੱਲ 'ਤੇ ਖ਼ਰੀਦ ਹੋਣ 'ਤੇ ਭਰਪਾਈ ਯੋਜਨਾ ਦਾ ਲਾਭ ਹਰਿਆਣਾ ਉਠਾ ਰਿਹਾ ਹੈ ਅਤੇ 24 ਫ਼ਸਲਾਂ 'ਤੇ ਐੱਮ ਐਸ ਪੀ ਖ਼ਰੀਦ ਦੀ ਗਰੰਟੀ ਦਿੱਤੀ ਹੈ ਫਿਰ ਇਹ ਗਰੰਟੀ ਪੰਜਾਬ ਸਰਕਾਰ ਕਿਉਂ ਨਹੀਂ ਦੇ ਰਹੀ ਹੈ। ਜਦੋਂ ਕਿ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਅਤੇ ਅਰਵਿੰਦ ਕੇਜਰੀਵਾਲ ਨੇ ਐੱਮ ਐਸ ਪੀ ਖ਼ਰੀਦ ਦੀ ਗਰੰਟੀ ਦਾ ਵਾਅਦਾ ਕੀਤਾ ਸੀ। ਨਾ ਹੀ ਕੁਦਰਤੀ ਆਫ਼ਤ 'ਤੇ ਬਿਨਾ ਕਿਸੇ ਗਿਰਦਾਵਰੀ ਦੇ 20 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਦੇਣ ਦਾ ਵਾਅਦਾ ਆਪ ਸਰਕਾਰ ਨੇ ਪੂਰਾ ਕੀਤਾ ਹੈ।



**ਸ. ਡੱਲੇਵਾਲ ਮਰਨ ਵਰਤ ਛੱਡ ਕੇ ਗੱਲਬਾਤ ਦਾ ਰਸਤਾ ਅਖ਼ਿਤਆਰ ਕਰਨ : ਪ੍ਰੋ. ਸਰਚਾਂਦ ਸਿੰਘ ਖਿਆਲਾ**

# ਪਿੰਡ ਹਸਤੀ ਵਾਲੇ ਦੀ ਨਵੀਂ ਬਣੀ ਪੰਚਾਇਤ ਨੇ ਕੀਤੀ ਵਿਕਾਸ ਕਾਰਜਾਂ ਦੀ ਸ਼ੁਰੂਆਤ



**ਫਿਰੋਜ਼ਪੁਰ, 9 ਜਨਵਰੀ (ਸੁਖਮੰਦਰ ਸਿੰਘ ਸ਼ਾਤ)**-ਪਿੰਡ ਦੀ ਫਿਰਨੀ ਤੇ ਬਣਿਆ ਹੋਇਆ ਇੱਕ ਖਾਲਾ ਜਿਹੜਾ ਬੜੇ ਸਮੇਂ ਤੋਂ ਬਿਲਕੁਲ ਨਪਿਆ ਹੀ ਪਿਆ ਸੀ ਦਿਖਦਾ ਨਹੀਂ ਸੀ ਉਸ ਦੀ ਕਰਾਈ ਸਫਾਈ ਸ਼ੁਰੂ ਹੋ ਗਈ ਹੈ। ਪੰਜਾਬ ਦੇ ਵਿੱਚ ਜੋ ਨਵੀਆਂ ਪੰਚਾਇਤਾਂ ਬਣੀਆਂ ਹਨ ਉਹਨਾਂ ਦੇ ਵਿੱਚੋਂ ਪਿੰਡ ਹਸਤੀ ਵਾਲਾ ਜੋ ਫਿਰੋਜ਼ਪੁਰ ਦੇ ਸ਼ਹਿਰੀ ਹਲਕੇ ਦੇ ਵਿੱਚ ਪੈਂਦਾ ਅੱਜ ਉਸ ਪਿੰਡ ਦੀ ਪੰਚਾਇਤ ਨੇ ਪਿੰਡ ਦੀ ਸਫਾਈ ਸ਼ੁਰੂ ਕਰਵਾਈ ਸ਼ੁਰੂ ਕਰਵਾਉਣ ਸਮੇਂ ਪਿੰਡ ਦੇ ਮੈਂਬਰ ਪੰਚਾਇਤ ਗੁਰਚਰਨ ਸਿੰਘ ਸਤਨਾਮ ਸਿੰਘ ਅਤੇ ਮੌਜੂਦਾ ਸਰਪੰਚ ਮੌਜੂਦ ਸਨ ਸਰਪੰਚ ਅਤੇ ਮੈਂਬਰ ਸਾਹਿਬਾਨਾਂ ਨੇ ਦੱਸਿਆ ਕਿ ਇਹ ਖਾਲਾ ਬੜੇ ਲੰਮੇ ਸਮੇਂ ਤੋਂ ਮਿੱਟੀ ਦੇ ਵਿੱਚ ਨਪਿਆ ਹੋਇਆ ਸੀ ਜਿਹਨੂੰ ਅਸੀਂ ਬੜੇ ਔਖੇ ਤਰੀਕੇ ਦੇ ਨਾਲ ਥਲੋ ਲੱਭਿਆ ਅਤੇ ਇਹਦੀ ਸਫਾਈ ਸ਼ੁਰੂ ਕੀਤੀ ਹ ਪਿੰਡ ਦੀ ਸਾਰੀ ਪੰਚਾਇਤ ਅਤੇ ਮੈਂਬਰਾਂ ਨੇ ਵਿਸ਼ਵਾਸ ਦਵਾਇਆ ਕਿ ਇਸੇ ਤਰ੍ਹਾਂ ਅਸੀਂ ਸਾਰੇ ਪਿੰਡ ਦੇ ਵਿਕਾਸ ਬੜੀ ਇਮਾਨਦਾਰੀ ਦੇ ਨਾਲ ਕਰਾਂਗੇ ਤੇ ਪੰਜ ਸਾਲਾਂ ਦੇ ਵਿੱਚ ਪਿੰਡ ਹਸਤੀ ਵਾਲੇ ਦਾ ਨੁਹਾਰ ਬਦਲ ਦੇਵਾਂਗੇ ਇਸ ਪਿੰਡ ਨੂੰ ਇੱਕ ਨਾਮੀ ਪਿੰਡਾਂ ਦੇ ਵਿੱਚੋਂ ਜਾਣਿਆ ਜਾਵੇਗਾ ਇਸ ਸਮੇਂ ਹਾਜ਼ਰ ਸਨ ਪਿੰਡ ਹਸਤੀ ਵਾਲੇ ਦੀ ਸਾਰੀ ਹੀ ਪੰਚਾਇਤ ਸਰਪੰਚ ਅਤੇ ਮੈਂਬਰ ਸਾਹਿਬਾਨ।

# ਜੌਹਲ ਬਣੇ ਆਈ. ਏ. ਟੀ. ਓ. ਦੇ ਪੰਜਾਬ ਚੈਪਟਰ ਦੇ ਚੇਅਰਮੈਨ

ਅੰਮ੍ਰਿਤਸਰ, 9 ਜਨਵਰੀ (ਆਵਾਜ਼ਿ ਕੌਮ ਬਿਊਰੋ)-ਭਾਰਤੀ ਟਰੈਵਲ ਏਜੰਟਾਂ ਦੀ ਸੰਸਥਾ ਇੰਡੀਅਨ ਐਸੋਸੀਏਸ਼ਨ ਆਫ ਟੂਰ ਆਪ੍ਰੇਟਰਜ਼ ਦੀ ਕਾਰਜਕਾਰੀ ਕਮੇਟੀ ਵੱਲੋਂ ਅੰਮ੍ਰਿਤਸਰ ਤੋਂ ਟੂਰਿਜ਼ਮ ਟਰੇਡ ਨਾਲ ਲੰਬੇ ਅਰਸੇ ਤੋਂ ਜੁੜੇ ਗੁਰਿੰਦਰ ਸਿੰਘ ਜੌਹਲ ਨੂੰ ਜਥੇਬੰਦੀ ਦਾ ਪੰਜਾਬ ਚੈਪਟਰ ਦਾ ਨਵਾਂ ਚੇਅਰਮੈਨ ਥਾਪਿਆ ਗਿਆ ਹੈ।ਆਈ.ਏ.ਟੀ.ਓ. ਸਮੁੱਚੇ ਭਾਰਤ 'ਚ ਸੈਰ ਸਪਾਟਾ ਕਾਰੋਬਾਰ ਨੂੰ ਆਉਂਦੀਆਂ ਸਮੱਸਿਆਵਾਂ ਅਤੇ ਟੂਰਿਜ਼ਮ ਦੇ ਵਿਕਾਸ ਲਈ ਕੇਂਦਰ ਸਰਕਾਰ ਤੇ ਰਾਜਾਂ ਦੇ ਟੂਰਿਜ਼ਮ ਵਿਭਾਗਾਂ ਨਾਲ ਸੈਰ ਸਪਾਟੇ ਦੇ ਵਿਕਾਸ ਲਈ ਰਲ ਕੇ ਕੰਮ ਕਰਦੀ ਹੈ। ਨਵ-ਨਿਯੁਕਤ ਚੇਅਰਮੈਨ ਜੌਹਲ ਨੇ ਕਿਹਾ ਹੈ ਕਿ ਪੰਜਾਬ 'ਚ ਸੈਰ-ਸਪਾਟੇ ਦੇ ਵਿਕਾਸ ਦੀਆਂ ਬਹੁਤ ਸੰਭਾਵਨਾਵਾਂ ਹਨ, ਜਿਨ੍ਹਾਂ ਨੂੰ ਉਜਾਗਰ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸੈਰ ਸਪਾਟਾ ਇੰਡਸਟਰੀ ਨੂੰ ਅੰਮ੍ਰਿਤਸਰ ਦੇ ਨਾਲ-ਨਾਲ ਪੰਜਾਬ ਦੇ ਦੂਜੇ ਸ਼ਹਿਰਾਂ 'ਚ ਵੀ ਵੱਡੀ ਲੋੜ ਹੈ। ਇਸ ਨਾਲ ਜਿੱਥੇ ਸਾਡਾ ਸੱਭਿਆਚਾਰ ਸੁਰੱਖਿਅਤ ਰਹੇਗਾ, ਉਥੇ ਹੀ ਰੁਜ਼ਗਾਰ ਦੇ ਨਵੇਂ ਮੌਕੇ ਵੀ ਉਤਪੰਨ ਹੋਣਗੇ। ਇਸ ਮੌਕੇ ਅਦਾਰਾ ਆਵਾਜ਼ਿ ਕੌਮ ਦੇ ਐਡੀਟਰ ਸ. ਰਘਵੀਰ ਸਿੰਘ ਵਾਲਸਾਲ ਨੇ ਸ. ਗੁਰਿੰਦਰ ਸਿੰਘ ਜੌਹਲ ਨੂੰ ਵਧਾਈ ਦਿੱਤੀ ਅਤੇ ਆਸ ਕੀਤੀ ਕਿ ਉਨ੍ਹਾਂ ਦੀ ਅਗਵਾਈ 'ਚ ਭਾਰਤੀ ਟਰੈਵਲ ਏਜੰਟਾਂ ਦੀ ਸੰਸਥਾ ਇੰਡੀਅਨ ਐਸੋਸੀਏਸ਼ਨ ਆਫ ਟੂਰ ਆਪ੍ਰੇਟਰਜ਼ ਦਿਨ ਦੁੱਗਣੀ ਤੇ ਰਾਤ ਚੌਗੁਣੀ ਤਰੱਕੀ ਕਰੇਗੀ। ਉਨ੍ਹਾਂ ਵਾਹਿਗੁਰੂ ਦਾ ਸ਼ੁਕਰਾਨਾ ਅਦਾ ਕੀਤਾ ਅਤੇ ਕਿਹਾ ਕਿ ਸ. ਗੁਰਿੰਦਰ ਸਿੰਘ ਜੌਹਲ ਦੀ ਇਸ ਤਰੱਕੀ 'ਤੇ ਉਨ੍ਹਾਂ ਨੂੰ ਮਾਣ ਹੈ।



# ਮਾਤਾ ਗੁਰਬਚਨ ਕੌਰ ਦੇ ਅਕਾਲ ਚਲਾਣੇ ਤੇ ਗੁਰਪ੍ਰੀਤ ਸਿੰਘ ਮੱਤੇਵਾਲ ਨਾਲ ਦੁੱਖ ਸਾਂਝਾ ਕਰਨ ਲਈ ਪਹੁੰਚੇ ਸਾਬਕਾ ਮੰਤਰੀ ਸ.ਮਜੀਠੀਆ

ਚੌਕ ਮਹਿਤਾ, 09 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ) ਪਿੱਛਲੇ ਦਿੱਨੀ ਅਜੀਤ ਅਖਬਾਰ ਦੇ ਸੀਨੀਅਰ ਪੱਤਰਕਾਰ ਗੁਰਪ੍ਰੀਤ ਸਿੰਘ ਮੱਤੇਵਾਲ ਦੇ ਸਤਿਕਾਰ ਯੋਗ ਮਾਤਾ ਗੁਰਬਚਨ ਕੌਰ ਧਰਮ ਸਪੁੱਤਨੀ ਸ ਇਕਬਾਲ ਸਿੰਘ ਮੱਤੇਵਾਲ ਜੋ ਅਕਾਲ ਚਲਾਣਾ ਕਰ ਗਏ ਸਨ, ਜਿਸ ਪਿੱਛੋਂ ਪਰਿਵਾਰ ਨਾਲ ਦੁੱਖ ਪ੍ਰਗਟ ਕਰਨ ਲਈ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਸ, ਬਿਕਰਮ ਸਿੰਘ ਮਜੀਠੀਆ ਉਹਨਾਂ ਦੇ ਗ੍ਰਹਿ ਪਿੰਡ ਮੱਤੇਵਾਲ ਵਿੱਖੇ ਪਹੁੰਚੇ ਜਿਥੇ ਉਨ੍ਹਾਂ ਗੁਰਪ੍ਰੀਤ ਸਿੰਘ ਮੱਤੇਵਾਲ ਦੇ ਸਾਰੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਅਤੇ ਪ੍ਰਮਾਤਮਾ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਵੀ ਕੀਤੀ ਕਿ ਵਿਛੜੀ ਰੂਹ ਸਤਿਕਾਰ ਯੋਗ ਮਾਤਾ ਗੁਰਬਚਨ ਕੌਰ ਜੀ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸਿਸ ਕਰਨ ਅਤੇ ਪਰਵਾਰ ਨੂੰ ਭਾਣਾ ਮੰਨਣ ਦਾ ਬੱਲ ਬਖਸਿਸ ਕਰਨ। ਇਸ ਮੌਕੇ ਉਨ੍ਹਾਂ ਨਾਲ ਹੋਰਨਾ ਤੋਂ ਇਲਾਵਾ ਸੁਖਦੇਵ ਸਿੰਘ ਮੱਤੇਵਾਲ, ਮਨਿੰਦਰ ਸਿੰਘ, ਪ੍ਰੋਫ਼.ਸਤਬੀਰ ਸਿੰਘ, ਨਵਜਿੰਦਰ ਪਾਲ ਸਿੰਘ ਗਾਂਧੀ ਨਿਬਰਵਿੰਡ ਪ੍ਰਧਾਨ, ਰਣਧੀਰ ਸਿੰਘ ਭੋਏ ਸਰਕਲ ਪ੍ਰਧਾਨ, ਗੁਰਨਾਮ ਸਿੰਘ ਰਾਜੂ, ਮੰਗਤਾ ਸਿੰਘ ਪੰਚ, ਬੱਚਿਤਰ ਸਿੰਘ, ਅਮਰੀਕ ਸਿੰਘ, ਸੋਹਣ ਸਿੰਘ, ਸੁਲੱਖਣ ਸਿੰਘ, ਗੁਰਸਾਹਿਬ ਸਿੰਘ, ਲਖਵੀਰ ਸਿੰਘ ਅਰੋੜਾ, ਸੁਰਿੰਦਰ ਸਿੰਘ, ਨੰਬਰਦਾਰ ਗੱਜਣ ਸਿੰਘ ਸਮੇਤ ਮੋਹਤਬਰ ਮੌਜੂਦ ਸਨ।



ਹੁਕਮੇ ਆਵੈ ਹੁਕਮੇ ਜਾਵੈ ਹੁਕਮੇ ਰਹੈ ਸਮਾਈ ॥

BY HIS COMMAND WE COME, AND BY HIS COMMAND WE GO; BY HIS COMMAND, WE MERGE IN ABSORPTION.

# SHINDO 'PINDI' KAUR MANDAIR

# ਬੀਬੀ ਪਿੰਦੀ ਕੌਰ ਮੰਡੇਰ

2nd July 1948- 29th December 2024



## WEDNESDAY 15TH JANUARY 2025

ਅੰਤਮ ਦਰਸ਼ਨ ANTAM DARSHAN: 11:45 AM
GURDWARA NANAKSAR, 3 PETERBOROUGH ROAD,
SOUTHAMPTON, SO14 6HY


ਅੰਤਮ ਸੰਸਕਾਰ ANTAM SANSKAR: 1PM
SOUTHAMPTON CREMATORIUM, BASSETT GREEN ROAD,
SOUTHAMPTON, SO16 3QB

ਸ੍ਰੀ ਸਹਿਜ ਪਾਠ ਦੇ ਭੋਗ ਅਤੇ ਗੁਰੂ ਕਾ ਲੰਗਰ - FOLLOWED BY SEHAJ PATH BHOG AND GURU KA LANGAR GURDWARA NANAKSAR

ਸਾਹਿਬੇ ਕਮਾਲ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀਆਂ ਖੁਸ਼ੀਆਂ ਵਿੱਚ

# ਜੈਕਾਰਿਆਂ ਦੀ ਗੂੰਜ ਵਿੱਚ ਵਿਸ਼ਾਲ ਨਗਰ ਕੀਰਤਨ ਸਜਾਇਆ





(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਗੁਰਦੁਆਰਾ ਧਰਮਸ਼ਾਲਾ ਸਿੰਘਾ ਪਿੰਡ ਸੈਦੋਲੇਹਲ ਵਿਖੇ ਨਗਰ ਨਿਵਾਸੀ ਅਤੇ ਸਮੂਹ ਇਲਾਕਾ ਨਿਵਾਸੀ ਸੰਗਤ ਦੇ ਸਹਿਯੋਗ ਨਾਲ ਦਸਮੇਸ਼ ਪਿਤਾ ਸਾਹਿਬੇ ਕਮਾਲ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਦੀਆਂ ਖੁਸ਼ੀਆਂ ਚ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਜੈਕਾਰਿਆਂ ਦੀ ਗੂੰਜ ਨਾਲ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਪਿੰਡ ਸੈਦੋ ਲੇਹਲ ਤੋਂ ਸ਼ੁਰੂ ਹੋ ਗਏ ਵੱਖੋ ਵੱਖ ਨਗਰਾਂ ਵਿੱਚੋਂ ਹੁੰਦਾ ਹੋਇਆ ਵਾਪਸ ਸੈਦੋ ਲੇਹਲ ਵਿਖੇ ਸਮਾਪਤ ਹੋਇਆ। ਸੰਗਤਾਂ ਵੱਲੋਂ ਤਨ ਮਨ ਧਨ ਨਾਲ ਨਗਰ ਕੀਰਤਨ ਵਿੱਚ ਸੇਵਾਵਾਂ ਨਿਭਾਈਆਂ ਗਈਆਂ। ਕਿਸਾਨ ਬਚਾਓ ਮੋਰਚੇ ਜ਼ਿਲ੍ਹਾ ਸ੍ਰੀ ਅੰਮ੍ਰਿਤਸਰ ਦੇ ਪ੍ਰਧਾਨ ਭਾਈ ਸਤਨਾਮ ਸਿੰਘ ਜੀ ਸੈਦੋਲੇਹਲ ਨੇ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀ ਸੰਗਤ ਨੂੰ ਵਧਾਈ ਦਿੰਦਿਆਂ ਦੱਸਿਆ ਕਿ ਸਾਨੂੰ ਸਾਰਿਆਂ ਨੂੰ ਗੁਰੂ ਸਾਹਿਬ ਵੱਲੋਂ ਬਖਸ਼ੇ ਖੰਡੇ ਬਾਟੇ ਦਾ ਅੰਮ੍ਰਿਤ ਪਾਨ ਕਰਕੇ ਬਾਣੀ ਅਤੇ ਬਾਣੇ ਨਾਲ ਜੁੜਨਾ ਚਾਹੀਦਾ ਹੈ। ਉਹਨਾਂ ਕਿਹਾ ਕਿ ਦਸਮੇਸ਼ ਪਿਤਾ ਵੱਲੋਂ ਦਰਸਾਏ ਮਾਰਗ ਤੇ ਚੱਲ ਕੇ ਸੰਗਤਾਂ ਗੁਰੂ ਦੇ ਲੜ ਲੱਗਣ । ਸਾਨੂੰ ਗੁਰੂ ਸਾਹਿਬ ਜੀ ਦੇ ਪਾਏ ਪੂਰਨਿਆਂ ਤੇ ਚੱਲਣਾ ਚਾਹੀਦਾ।ਇਸ ਮੌਕੇ ਭਾਈ ਭਗਵਾਨ ਸਿੰਘ ਜੀ ਗ੍ਰੰਥੀ, ਭਾਈ ਗੁਰਦਿਆਲ ਸਿੰਘ ਜੀ, ਡਾ ਬਲਬੀਰ ਸਿੰਘ, ਸ੍ ਅਰਸ਼ਦੀਪ ਸਿੰਘ, ਸ੍ ਬਲਵਿੰਦਰ ਸਿੰਘ , ਸ੍ ਸਵਿੰਦਰ ਸਿੰਘ, ਡਾ ਹਰਦੇਵ ਸਿੰਘ , ਸ੍ ਧਰਵਿੰਦਰ ਸਿੰਘ ਸਾਬਕਾ ਸਰਪੰਚ, ਬਾਬਾ ਸ਼ਮਸ਼ੇਰ ਸਿੰਘ ਅਤੇ ਹੋਰ ਬੇਅੰਤ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਤਨ ਮਨ ਧਨ ਨਾਲ ਸੇਵਾਵਾ ਨਿਭਾਈਆਂ।

ਅੰਮ੍ਰਿਤਸਰ ਟੈਂਟ ਡੈਕੋਰੇਟਰਸ ਵੈਲਫੇਅਰ ਐਸੋਸੀਏਸ਼ਨ ਵੱਲੋਂ

# ਲੋਹੜੀ ਸੰਬੰਧੀ ਸਮਾਗਮ ਕਰਵਾਇਆ




**ਚੌਕ ਮਹਿਤਾ, 9 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )** - ਅੰਮ੍ਰਿਤਸਰ ਟੈਂਟ ਡੈਕੋਰੇਟਰਸ ਵੈਲੇਫਅਰ ਐਸੋਸੀਏਸ਼ਨ ਵੱਲੋਂ ਪ੍ਰਧਾਨ ਜਤਿੰਦਰ ਸਿੰਘ ਹੈਪੀ ਨਰੂਲਾ ਅਤੇ ਚੇਅਰਮੈਨ ਸੁਰਿੰਦਰ ਮਹਾਜਨ ਦੀ ਅਗਵਾਈ ਵਿੱਚ ਪੈਲੇਸ ਜੀ ਐਮਪੋਰੀਓ ਵੇਰਕਾ ਮਜੀਠਾ ਬਾਈਪਾਸ ਵਿਖੇ ਨਵੇਂ ਸਾਲ ਅਤੇ ਲੋਹੜੀ ਦੇ ਸੰਬੰਧ ਵਿੱਚ ਇੱਕ ਰੰਗਾਰੰਗ ਸਮਾਗਮ ਕਰਵਾਇਆ ਗਿਆ ।ਜਿਸ ਵਿੱਚ ਵਿਸ਼ੇਸ਼ ਤੌਰ ‘ਤੇ ਮੈਰਿਜ ਪੈਲੇਸ ਐਸੋਸੀਏਸ਼ਨ ਦੇ ਪ੍ਰਧਾਨ ਰਣਜੀਤ ਸਿੰਘ,ਸੰਨੀ ਦਾਰਾ ਸ਼ਾਮਿਲ ਹੋਏ।

ਇਸ ਮੌਕੇ ਪੰਜਾਬ ਦੀ ਪ੍ਰਸਿੱਧ ਅਦਾਕਾਰਾ ਅਮਨ ਵੱਲੋਂ ਆਏ ਮਹਿਮਾਨਾਂ ਦਾ ਮਨੋਰੰਜਨ ਕਰਦਿਆਂ ਕਈ ਫਨ ਗੇਮਾਂ ਦਾ ਆਯੋਜਨ ਕੀਤਾ ਜਿਸ ਵਿੱਚ ਕਪਲਸ ਨੇ ਭਾਗ ਲੈ ਕੇ ਕਈ ਇਨਾਮ ਜਿੱਤੇ ।ਸਮਾਗਮ ਦੌਰਾਨ ਛੋਟੇ ਬੱਚਿਆਂ ਵੱਲੋਂ ਅਪਣੀ ਕਲ੍ਹਾ ਦਾ ਪ੍ਰਦਰਸ਼ਨ ਕਰਕੇ ਆਏ ਮਹਿਮਾਨਾਂ ਦਾ ਮਨ ਮੋਹ ਲਿਆ ।ਇਸ ਮੌਕੇ ਹੈਪੀ ਨਰੂਲਾ ਨੇ ਆਏ ਮਹਿਮਾਨਾਂ ਨੂੰ ਜੀ ਆਇਆਂ ਆਖਦਿਆਂ ਮੈਬਰਾਂ ਨੂੰ ਗਿਫਟ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ।ਇਸ ਮੌਕੇ ਰਣਜੀਤ ਸਿੰਘ,ਸੰਨੀ ਦਾਰਾ,ਅਮਰਜੀਤ ਸਿੰਘ ਨੇ ਕਿਹਾ ਕਿ ਐਸੋਸੀਏਸ਼ਨ ਵੱਲੋਂ ਸਮਾਜ ਸੇਵੀ ਕਾਰਜਾਂ ਵਿੱਚ ਵੀ ਵੱਧ ਚੜ੍ਹਕੇ ਹਿੱਸਾ ਲਿਆ ਜਾਵੇਗਾ ਅਤੇ ਸਮਾਜ ਸੇਵਾ ਵਿੱਚ ਅਪਣਾ ਬਣਦਾ ਯੋਗਦਾਨ ਪਾਇਆ ਜਾਵੇਗਾ ।ਇਸ ਮੌਕੇ ਜਨਰਲ ਸਕੱਤਰ ਅਮਰਜੀਤ ਸਿੰਘ,ਸੁਰਜੀਤ ਸਿੰਘ,ਕੈਸ਼ੀਅਰ ਅਮਰੀਕ ਸਿੰਘ ਨਾਰੰਗ,ਰਾਕੇਸ਼ ਮਹਾਜਨ,ਅਮਨ ਰਣਦੇਵ,ਗੁਰਭੀਸ਼ਨ ਸਰਪਾਲ,ਸੁਨੀਲ ਧਵਨ,ਉਪਿੰਦਰ ਸਹਿਗਲ, ਰਾਜੂ ਧਵਨ,ਸਤਿੰਦਰ ਸਿੰਘ ਵਿੱਕੀ,ਸਿਮਰਨ ਸੇਠੀ,ਸਮਾਇਲ ਨਾਰੰਗ,ਵਿੱਕੀ ਸਰਪਾਲ,ਸਤਪਾਲ ਚਾਵਲਾ,ਸ਼ਾਦੀ ਲਾਲ,ਮੱਖਣ ਸ਼ਰਮਾ ਆਦਿ ਤੋਂ ਇਲਾਵਾ ਵੱਡੀ ਸੰਖਿਆ ਵਿੱਚ ਐਸੋਸੀਏਸ਼ਨ ਦੇ ਮੈਂਬਰ ਹਾਜ਼ਰ ਸਨ।

ਕੁਦਰਤ ਨਾਲ ਛੇੜਛਾੜ ਬਨਸਪਤੀ ਨਾਲ ਕਾਂਟ-ਛਾਂਟ ਜਨਮ ਤੋਂ ਪਹਿਲਾਂ

# ਮਾਂ-ਪਿਓ ਦਾ ਜੀਵਨ ਆਦਰਮਈ ਹੋਣਾ : ਪੀ.ਸੀ ਕੁਮਾਰ

**ਫ਼ਿਰੋਜ਼ਪੁਰ, 9 ਜਨਵਰੀ (ਮਨੋਹਰ ਲਾਲ)** :— ਚਾਹੇ ਬੱਚਾ ਹੋਵੇ ਚਾਹੇ ਫਲ ਹੋਵੇ ਉਸ ਨੂੰ ਨੇੜਿਓ ਦੇਖੋ ਚਾਹੇ ਦੂਰ ਤੋਂ ਦੇਖੋ ਮਗਰ ਪਿਆਰ ਨਾਲ ਦੇਖੋ, ਉਸ ਵਿਚੋਂ ਸਾਨੂੰ ਸ਼ਾਖਸ਼ਾਤਹ ਰੱਬ ਦੇ ਦਰਸ਼ਨ ਹੁੰਦੇ ਹਨ। ਇਹ ਵਿਚਾਰ ਸਾਂਝੇ ਕਰਦਿਆਂ ਪੀ.ਸੀ ਕੁਮਾਰ ਨੇ ਕਿਹਾ ਕਿ ਰੋਜ਼ਾਨਾ ਬੱਚਿਆਂ, ਅਧਿਆਪਕਾਂ, ਮਾਪਿਆਂ ਦੇ ਇਕੱਠ ਵਿਚ ਸਕੂਲ ਦੀ ਸਭਾ ਦੀ ਪ੍ਰਾਰਥਣਾ ਵਿਚ ਪਿਛਲੇ ਪੰਚਾਹ ਸਾਲਾਂ ਤੇ ਦਿੱਤੇ ਜਾ ਰਹੇ ਹਨ ਕਿ ਪ੍ਰਮਾਤਮਾ ਨੂੰ ਮਿਲਣ ਦਾ ਸੌਖਾ ਸਸਤਾ ਯਕੀਨੀ ਢੰਗ ਜਦੋਂ ਤੱਕ ਅਸੀਂ ਕੁਦਰਤ ਕੀ ਬਨਾਈ ਜ਼ੋ ਸਾਨੂੰ ਪ੍ਰਮਾਤਮਾ ਨੇ ਮਿਲਣ ਦਾ ਸੌਖਾ ਸਸਤਾ ਯਕੀਨੀ ਢੰਗ ਨਾਲ ਜਦੋਂ ਤੱਕ ਅਸੀਂ ਕੁਦਰਤ ਦੀ ਬਨਾਈ ਜ਼ੋ ਸਾਨੂੰ ਪ੍ਰਮਾਤਮਾ ਨੇ ਜਿਸ ਵੀ ਰੂਪ ਵਿਚ ਸਾਨੂੰ ਉਪਲਬਧ ਹੋਣੀ ਉਸ ਨੂੰ ਪਿਆਰ ਨਾਲ ਦੇਖੋ ਚਾਹੇ ਉਹ ਬੱਚਾ ਹੈ ਚਾਹੇ ਕੁਦਰਤ ਦੀ ਸੌਭਾ ਵਧਾਉਣ ਵਾਲੀ ਫੁਲ ਫਲ ਬਨਸਪਤੀ ਹੈ, ਉਸ ਨੂੰ ਜਾਨ ਜਾਂ ਬੇਜਾਨ ਸਾਫ ਨਿਯਤ ਨਾਲ ਬੜੇ ਪਿਆਰ ਨਾਲ ਆਪਣੇ ਛੋਟੇ ਜਿਹੇ ਬੱਚੇ ਜਿਸ ਨੂੰ ਅਸੀਂ ਰੱਬ ਦਾ ਰੂਪ ਹੀ ਨਹੀਂ ਬਲਕਿ ਬੱਚੇ ਤਰ੍ਹਾਂ ਭੋਲਾ—ਭਾਲਾ ਬੱਚਾ ਬਨ ਦੇਖੋ ਤਾਂ ਸਾਨੂੰ ਇਨ੍ਹਾਂ ਸਾਰਿਆਂ ਵਿਚੋਂ ਸਾਖਸ਼ਾਤਰ ਕਾਰ ਰੱਬ ਦੇ ਦਰਸ਼ਨ ਹੋਣਗੇ, ਬਸ਼ਰਤ ਤੇਰ ਮੇਰ ਜਾਤੀ ਹਿੱਤਾਂ ਲਾਲਚ ਲੋਭ ਤੋਂ ਉਪਰ ਉਠ ਜਿਵੇਂ ਕਿਹਾ ਗਿਆ ਹੈ ਜਦ ਤੱਕ ਬੰਦਾ ਛੋਟਾ ਜਿਹੇ ਬੱਚੇ ਤਰ੍ਹਾਂ ਨਿਰਮਲ, ਨਿਰਪੱਖ, ਨਿਰਵੈਰ, ਕਾਮ ਕਰੋਧ, ਲੋਭ ਮੋਹ, ਹੰਕਾਰ ਦਾ ਤਿਆਗ ਨਹੀਂ ਕਰਦਾ ਭਾਵ ਬੱਚੇ ਤਰ੍ਹਾਂ ਹਰ ਇਕ ਦਾ ਹਰ ਇਕ ਲਈ ਪਿਆਰ ਨਹੀਂ ਕਰਦਾ, ਕਦੇ ਵੀ ਰੱਬ ਦੀ ਦਰਗਾਹ ਵਿਚ ਕਬੂਲਿਆ ਨਹੀਂ ਜਾਵੇਗਾ, ਜਿਵੇਂ ਪਤੀਆ ਨਾ ਤੋੜ ਮਾਲਣੇ ਪੱਤੀ ਪੱਤੀ ਵਿਚ ਰੱਬ ਵਸਦਾ ਜਿਵੇਂ ਫੁੱਲ ਮੈਨੂੰ ਦੂਰ ਤੋਂ ਦੇਖ ਯਾ ਨੇੜੇ ਤੋਂ ਕੋਈ ਫਰਕ ਨਹੀਂ ਪੈਂਦਾ, ਮਗਰ ਪਿਆਰ ਨਾਲ ਨਾ ਕਿ ਤੋੜਨ ਦੇ ਅੱਜ ਸਕੂਲਾਂ ਵਿਚ ਘਰਾਂ ਵਿਚ, ਸਮਾਜ, ਦੇਸ਼ ਦੁਨਿਆਂ ਵਿਚ ਵੇਖਣ ਨੂੰ ਮਿਲਣ ਨੂੰ ਮਿਲ ਰਿਹਾ ਹੈ ਕਿ ਜਿਸ ਢੰਗ ਨਾਲ ਘਰਾਂ ਵਿਚ ਸਕੂਲਾਂ ਸਮਾਜ ਦੇਸ਼ ਵਿਚ ਬੱਚਿਆਂ ਨੂੰ ਜ਼ੋ ਵਿਚਾਰ ਸੰਸਕਾਰ ਮਾਰਗ ਦਰਸ਼ਨ ਮਿਲਣਾ ਜਾਂ ਦੇਣਾ ਬਣਦਾ ਹੈ।




# ਮੁੱਖ ਸਕੱਤਰ ਸਾਹਿਬ ਵਲੋਂ ਪਿੰਡ ਹੁਸ਼ਿਆਰ ਨਗਰ ਗੁਰਦੁਆਰਾ ਗੁਰੂਸਰ ਸਤਲਾਨੀ ਸਾਹਿਬ ਦੀ ਜਮੀਨ ਸਬੰਧੀ ਮਾਨਯੋਗ ਡਿਪਟੀ ਕਮਿਸ਼ਨਰ ਸਾਹਿਬ, ਅੰਮ੍ਰਿਤਸਰ ਨੂੰ ਹੁਕਮ ਜਾਰੀ ਹੋਣ ਦੇ ਬਾਵਜੂਦ ਵੀ ਕੋਈ ਕਾਰਵਾਈ ਨਹੀ ਕੀਤੀ ਗਈ:ਹਰਪਾਲ ਸਿੰਘ ਯੂ.ਕੇ.



**ਚੌਕ ਮਹਿਤਾ, 9 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਹਰਪਾਲ ਸਿੰਘ ਯੂ ਕੇ ਵਲੋਂ ਪੱਤਰਕਾਰਾ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਪਿੰਡ ਹੁਸ਼ਿਆਰ ਨਗਰ ਗੁਰਦੁਆਰਾ ਗੁਰੂਸਰ ਸਤਲਾਨੀ ਸਾਹਿਬ ਦੀ 2289 ਕਨਾਲ ਜਮੀਨ ਦਾ ਮਾਮਲਾ ਪਿਛਲੇ 2 ਸਾਲ ਤੋ ਮਾਨਯੋਗ ਵੱਖ ਵੱਖ ਅਦਾਲਤਾਂ ਵਿਚ ਚਲ ਰਿਹਾ ਸੀ ਅਤੇ ਜਦੋਂ ਅਦਾਲਤਾਂ ਵਿਚ ਕੇਸ ਚਲ ਰਿਹਾ ਸੀ ਤਾਂ ਇਹ ਗੱਲ ਸਾਹਮਣੇ ਆਈ ਕਿ 1389 ਕਨਾਲ ਦਾ ਇੰਤਕਾਲ ਮਾਨਯੋਗ ਡਿਪਟੀ ਕਮਿਸ਼ਨਰ ਸਾਹਿਬ ਨੇ ਖਾਰਜ ਕਰ ਦਿੱਤਾ ਸੀ। ਜਦੋ'ਕਿ ਇਸੇ ਜਮੀਨ ਦਾ ਕੇਸ ਮਾਨਯੋਗ ਅਦਾਲਤ ਸਿਵਲ ਕੋਰਟ, ਮਾਨਯੋਗ ਅਦਾਲਤ ਹਾਈਕੋਰਟ, ਮਾਨਯੋਗ ਅਦਾਲਤ ਸ਼ੈਸ਼ਨ ਕੋਰਟ ਵਿਚ ਚਲ ਰਿਹਾ ਸੀ।ਜਦੋਂਕਿ 1988 ਵਿਚ ਇਹ ਕੇਸ ਸਾਡੇ ਹੱਕ ਵਿਚ ਕਰ ਦਿੱਤਾ ਗਿਆ ਸੀ ਤਾਂ ਫਿਰ ਮਾਨਯੋਗ ਡਿਪਟੀ ਕਮਿਸ਼ਨਰ ਸਾਹਿਬ ਕਾਹਨ ਸਿੰਘ ਪੰਨੂ ਨੂੰ ਅਤੇ ਸ਼੍ਰੌਮਣੀ ਕਮੇਟੀ ਨੂੰ ਇਹ ਕੇਸ 20 ਸਾਲਾ ਬਾਅਦ ਦੁਬਾਰਾ ਚਲਾਉਣਾ ਦੀ ਕੀ ਲੋੜ ਪੈ ਗਈ ਸੀ। ਜਦੋਂਕਿ ਇਸ ਜਮੀਨ ਦਾ ਫੈਸਲਾ ਪਹਿਲਾ ਤੋਂ ਹੀ ਮਾਨਯੋਗ ਅਦਾਲਤ ਸਿਵਲ,ਸ਼ੈਸ਼ਨ ਅਤੇ ਹਾਈਕੋਰਟ ਵਿਚ ਸਾਡੇ ਹੱਕ ਵਿਚ ਹੋ ਚੁਕਾ ਹੈ। ਪਰ ਉਸ ਫੈਸਲੇ ਨੂੰ ਮਾਨਯੋਗ ਡੀ.ਸੀ. ਸਾਹਿਬ ਪਾਸੋਂ ਅਖੋ ਪਰੋਖੇ ਕਰਕੇ ਕੇਸ ਦਾਇਰ ਕਰ ਦਿੱਤਾ ਅਤੇ 1389 ਕਨਾਲ ਦਾ ਫੈਸਲਾ ਆਪਣੇ ਹੱਕ ਵਿਚ ਕਰਵਾ ਲਿਆ। ਇਹ 2289 ਕਨਾਲ ਚੋ 1389 ਕਨਾਲ ਮਾਨਯੋਗ ਡਿਪਟੀ ਕਮਿਸ਼ਨਰ ਕਾਹਨ ਸਿੰਘ ਪੰਨੂ ਵਲੋਂ 798 ਕਨਾਲ ਦਾ ਇੰਤਕਾਲ ਖਾਰਜ ਕਿਵੇਂ ਕਰ ਦਿੱਤਾ। ਇਸ ਦੀ ਜਾਂਚ ਲਈ ਅਸੀ ਆਰ.ਟੀ.ਆਈ. ਵੀ ਪਾਈ ਪਰ ਇਹਨਾਂ ਨੇ ਇਸ ਉਪਰ ਕੋਈ ਕਾਰਵਾਈ ਨਹੀ ਕੀਤੀ।ਜਦੋਂਕਿ ਮੁੱਖ ਸਕੱਤਰ ਸਾਹਿਬ ਵਲੋਂ ਮਾਨਯੋਗ ਡਿਪਟੀ ਕਮਿਸ਼ਨਰ ਸਾਹਿਬ, ਅੰਮ੍ਰਿਤਸਰ ਨੂੰ ਹੁਕਮ ਜਾਰੀ ਹੋਣ ਦੇ ਬਾਵਜੂਦ ਵੀ ਕੋਈ ਕਾਰਵਾਈ ਨਹੀ ਕੀਤੀ ਗਈ। ਜਦੋਂਕਿ ਪਹਿਲਾ ਵੀ ਬਹੁਤ ਸਾਰੇ ਪੱਤਰ ਵੱਖ-ਵੱਖ ਦਫਤਰਾਂ ਵਲੋਂ ਜਾਰੀ ਹੋ ਚੁਕੇ ਹਨ। ਹੁਣ (ਮਿਤੀ 11-12-2024) ਪੱਤਰ ਨੰ. 15/7/2024 -ਭਮ-2 (7) 10640-43 ਚੰਡੀਗੜ੍ਹ ਮਿਤੀ 25-07-2024, ਪੱਤਰ ਨੰ. ਮੀਮੋ 105/133/2024 -♣5-1 (6)/10778 ਚੰਡੀਗੜ੍ਹ, ਮਿਤੀ 29-07-2024 ਆਏ ਪੱਤਰ ਨੂੰ ਮਾਨਯੋਗ ਡਿਪਟੀ ਕਮਿਸ਼ਨਰ ਸਾਹਿਬ, ਅੰਮ੍ਰਿਤਸਰ ਨੇ ਪੰਜਾਬ ਸਰਕਾਰ ਦੇ ਹੁਕਮ ਨੂੰ ਵੀ ਛਿੱਕੇ ਟੰਗ ਦਿੱਤਾ ਫਿਰ ਸਾਡੀ ਐਨ.ਆਰ.ਆਈ. ਦੀ ਸੁਣਵਾਈ ਕੋਣ ਕਰੇਗਾ।

# ਮਹਾਨ ਗੁਰਮਤਿ ਸਮਾਗਮ ਅਤੇ ਸਨਮਾਨ ਸਮਾਰੋਹ 11 ਜਨਵਰੀ ਨੂੰ: ਡੀ ਪੀ ਸਿੰਘ



ਚੌਕ ਮਹਿਤਾ, 9 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ) ਸ੍ਰੀ ਮੁਕਤਸਰ ਸਾਹਿਬ ਦੇ 40 ਮੁਕਤਿਆਂ ਦੀ ਸ਼ਹੀਦੀ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਅਤੇ ਸਨਮਾਨ ਸਮਾਰੋਹ ਗੁਰਦੁਆਰਾ ਸਾਹਿਬ ਪਾ: 10ਵੀਂ ਸੈਕਟਰ 8, ਚੰਡੀਗੜ੍ਹ ਵਿਖੇ ਮਿਤੀ 11 ਜਨਵਰੀ ਦਿਨ ਸ਼ਨੀਵਾਰ ਨੂੰ ਸ਼ਾਮ 5.45 ਵਜੇ ਤੋਂ ਲੈ ਕੇ ਰਾਤ 8.45 ਵਜੇ ਤੱਕ ਕਰਵਾਇਆ ਜਾਵੇਗਾ ਜਾਣਕਾਰੀ ਦਿੰਦਿਆ ਸ੍ ਡੀ ਪੀ ਸਿੰਘ ਸਾਬਕਾ ਸੀ.ਈ.ਓ. ਤਖਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਸਾਬਕਾ ਸੀ.ਈ.ਓ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ, ਸਾਬਕਾ ਡੀ ਜੀ ਐਮ ਪੰਜਾਬ ਐਂਡ ਸਿੰਧ ਬੈਂਕ, ਬ੍ਰਾਂਚ ਇੰਚਾਰਜ ਤੇਰਾ ਹੀ ਤੇਰਾ ਮੈਡੀਕੋਜ਼ ਚੰਡੀਗੜ੍ਹ ਅਤੇ ਮੀਤ ਪ੍ਰਧਾਨ ਸਿੱਖ ਹੋਪ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਸਿੱਖ ਹੋਪ ਚੈਰੀਟੇਬਲ ਟਰੱਸਟ ਵੱਲੋਂ ਆਰਥਿਕ ਸਹਾਇਤਾ ਸਕੀਮ ਤਹਿਤ ਲੋੜਵੰਦ ਗੁਰਸਿੱਖਾਂ ਨੂੰ ਆਪਣਾ ਨਵਾਂ ਕੰਮ ਆਰੰਭ ਕਰਨ ਲਈ ਮਾਇਕ ਸਹਾਇਤਾ ਦਿੱਤੀ ਜਾਵੇਗੀ ਇਸ ਮੌਕੇ ਰਾਗੀ ਭਾਈ ਪਰਮਿੰਦਰ ਸਿੰਘ ਜੀ ਆਸਟ੍ਰੇਲੀਆ , ਭਾਈ ਸ਼ਮਸ਼ੇਰ ਸਿੰਘ ਜੀ, ਹਜ਼ੂਰੀ ਰਾਗੀ ਗੁਰਦੁਆਰਾ ਸਾਹਿਬ ਕਥਾ, ਭਾਈ ਜਗਦੀਪ ਸਿੰਘ ਜੀ ਪਾਠ ਰਹਰਾਸਿ ਸਾਹਿਬ, ਭਾਈ ਸੁੱਚਾ ਸਿੰਘ ਜੀ ਕੀਰਤਨ, ਸਿੱਖ ਹੋਪ ਚੈਰੀਟੇਬਲ ਟਰੱਸਟ ਜੱਥਾ ਸਨਮਾਨ ਸਮਾਰੋਹ ਸੰਗਤਾ ਨੂੰ ਗੁਰਬਾਣੀ ਰਸ ਨਾਲ ਜੋੜਨਗੇ ਅਰਦਾਸ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

# ਸਾਨੂੰ ਮੜੀਆਂ ਮਸਾਨਿਆਂ ਤੇ ਮੱਥਾ ਟੇਕਣ ਦੀ ਬਜਾਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਣਾ ਚਾਹੀਦਾ ਹੈ—ਜ਼ੋਰਾ ਸਿੰਘ ਸੰਧੂ ਪ੍ਰਧਾਨ



ਫ਼ਿਰੋਜ਼ਪੁਰ, 9 ਜਨਵਰੀ (ਮਨੋਹਰ ਲਾਲ) :— ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰਸਰ ਸਾਹਿਬ ਤਰਵੈਨੀ ਚੌਂਕ ਫ਼ਿਰੋਜ਼ਪੁਰ ਛਾਉਣੀ ਦੇ ਪ੍ਰਧਾਨ ਜਿਹੜੇ ਕਿ ਹਰ ਰੋਜ਼ ਸਵੇਰੇ ਕਥਾ ਕਰਦੇ ਹਨ ਅਤੇ ਅੱਜ ਪੂਰੇ ਗੁਰੂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਸਾਡਾ ਪੂਰਾ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਹਨ, ਸਾਨੂੰ ਮੜੀਆਂ ਮਸਾਨਿਆਂ ਤੇ ਮੱਥਾ ਟੇਕਣ ਦੀ ਬਜਾਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਣਾ ਚਾਹੀਦਾ ਹੈ, ਸਾਨੂੰ ਗੁਰੂ ਸਾਹਿਬ ਜੀ ਤੇ ਭਰੋਸਾ ਕਰਨ ਦੀ ਜ਼ਰੂਰਤ ਹੈ, ਜਿਸ ਨੇ ਗੁਰੂ ਸਾਹਿਬ ਤੇ ਭਰੋਸਾ ਕਰ ਲਿਆ, ਉਸ ਨੇ ਸਭ ਕੁਝ ਪਾ ਲਿਆ। ਭਾਈ ਜ਼ੋਰਾ ਸਿੰਘ ਸੰਧੂ ਪ੍ਰਧਾਨ ਨੇ ਅੱਗੇ ਕਿਹਾ ਕਿ ਗੁਰੂ ਸਾਹਿਬ ਹੀ ਜਾਣੀ—ਜਾਣ ਹਨ, ਜਦੋਂ ਅਸੀਂ ਕੋਈ ਮੁਸੀਬਤ ਵਿਚ ਹੁੰਦੇ ਹਾਂ ਤਾਂ ਅਸੀਂ ਵਾਹਿਗੁਰੂ ਜੀ ਨੂੰ ਯਾਦ ਕਰਦੇ ਹਾਂ ਅਤੇ ਜਦੋਂ ਅਸੀਂ ਸੁੱਖ ਵਿਚ ਹੁੰਦੇ ਹਾਂ ਤਾਂ ਵਾਹਿਗੁਰੂ ਜੀ ਨੂੰ ਭੁੱਲ ਜਾਂਦੇ ਹਾਂ, ਸਾਨੂੰ ਹਰ ਵੇਲੇ ਗੁਰੂ ਸਾਹਿਬ ਨੂੰ ਯਾਦ ਕਰਨਾ ਚਾਹੀਦਾ ਹੈ। ਗੱਲਬਾਤ ਕਰਦਿਆਂ ਪ੍ਰਧਾਨ ਜ਼ੋਰਾ ਸਿੰਘ ਸੰਧੂ ਨੇ ਕਿਹਾ ਕਿ ਮਨੁੱਖ ਨੂੰ ਹਮੇਸ਼ਾ ਉਠਦੇ—ਬੈਠਦੇ ਜਦੋਂ ਵੀ ਟਾਈਮ ਮਿਲੇ ਵਾਹਿਗੂਰੂ ਜੀ ਦਾ ਸਿਮਰਨ ਕਰਨਾ ਚਾਹੀਦਾ ਹੈ, ਇਨ੍ਹਾਂ ਨੇ ਹੀ ਤੁਹਾਡੀ 84 ਲੱਖ ਜੂਨੀਆਂ ਕਟਣੀਆਂ ਹਨ, ਅੱਜ ਜ਼ੋ ਕਿ ਕਲਯੁੱਗ ਦਾ ਭਿਆਨਕ ਸਮਾਂ ਚੱਲ ਰਿਹਾ ਹੈ, ਇਸ ਭਿਆਨਕ ਕਲਯੁੱਗ ਦੇ ਸਮੇਂ ਵਿਚ ਸਾਨੂੰ ਨਾਮ ਹੀ ਬਚਾਅ ਸਕਦਾ ਹੈ। ਉਨ੍ਹਾਂ ਕਿਹਾ ਕਿ ਬਾਣੀ ਪੜਨ ਨਾਲ, ਬਾਣੀ ਸੁਨਣ ਨਾਲ ਮਨੁੱਖ ਦੇ ਸਾਰੇ ਦੁੱਖ ਦੂਰ ਹੁੰਦੇ ਹਨ ਅਤੇ ਗੁਰਬਾਣੀ ਦੇ ਲੜ ਲੱਗਣ ਨਾਲ ਮਨੁੱਖ ਦਾ ਪਾਰ ਉਤਾਰਾ ਹੁੰਦਾ ਹੈ। ਉਨ੍ਹਾਂ ਸਮੂਹ ਸੰਗਤ ਨੂੰ ਸਵੇਰੇ—ਸ਼ਾਮ ਗੁਰਦੁਆਰਾ ਸਾਹਿਬ ਪੁੱਜ ਕੇ ਗੁਰੂ ਸਾਹਿਬ ਦੇ ਨਮਤਸਤਕ ਹੋਣ ਦੀ ਅਪੀਲ ਕਰਦਿਆਂ ਕਿਹਾ ਕਿ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਤਿਰਵੈਨੀ ਚੌਂਕ ਫ਼ਿਰੋਜ਼ਪੁਰ ਛਾਉਣੀ ਵਿਖੇ ਰੋਜ਼ਾਨਾ ਸ਼ਾਮ ਨੂੰ 3 ਵਜੇ ਤੋਂ 5 ਵਜੇ ਤੱਕ ਸ੍ਰੀ ਸੁਖਮਣੀ ਸਾਹਿਬ ਜੀ ਦੇ ਪਾਠ ਕੀਤੇ ਜਾਂਦੇ ਹਨ, ਜਿਸ ਵਿਚ ਇਲਾਕੇ ਦੀ ਵੱਡੀ ਤਦਾਦ ਸੰਗਤ ਪੁੱਜ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਦੀ ਹੈ।

SUPREME COUNCIL
NAVI MUMBAI GURDWARAS

ਨਵੀਂ ਮੁੰਬਈ ਦੇ ਗੁਰਦੁਆਰਿਆਂ ਨੇ ਇਹ ਕਰ ਵਖਾਇਆ !

## ਸੁਪਰੀਮ ਕੌਂਸਲ ਨਵੀਂ ਮੁੰਬਈ ਗੁਰਦੁਆਰਾਜ਼

ਲੰਮੇ ਅਰਸੇ ਤੋਂ ਉਡੀਕੇ ਜਾ ਰਹੇ ਐਕਟ ਨੂੰ

**ਨਵੀਂ ਮੁੰਬਈ ਮਿਊਨੀਸੀਪਲ ਕਾਰਪੋਰੇਸ਼ਨ (NMMC)**

ਵਿਚ ਲਾਗੂ ਕਰਵਾਇਆ !

ਹੁਣ ਸਾਰੇ ਸਿੱਖ ਵਿਆਹ NMMC ਵਿਚ

## "ਆਨੰਦ ਕਾਰਜ ਮੈਰਿਜ ਐਕਟ"

ਦੇ ਤਹਿਤ ਰਜਿਸਟਰ ਕੀਤੇ ਜਾ ਸਕਣਗੇ।

Navi Mumbai Gurdwara's makes it happen!

## Supreme Council Navi Mumbai Gurdwaras

implements the much-awaited Act with

**Navi Mumbai Municipal Corporation.**

Now all Sikh Marriages can be registered

with NMMC under the

## "ANAND KARAJ MARRIAGE ACT"

ਆਵਾਜ਼ਿ ਕੌਮ AWAZE QAUM
International Newspaper & WEB TV

# ਸੰਯੁਕਤ ਕਿਸਾਨ ਮੋਰਚੇ ਵੱਲੋਂ ਮੋਗਾ 'ਚ ਕੀਤੀ ਮਹਾਪੰਚਾਇਤ ਦੀਆਂ ਤਸਵੀਰਾਂ







# ਬਾਦਲਾਂ ਦੇ ਮੋਹਰੇ ਬਣਕੇ ਸਿਰਫ ਗੋਲਕਾਂ ਲਈ ਚੋਣਾਂ ਲੜ ਰਹੇ ਧੜਿਆਂ ਨੂੰ ਪਰਖੇ ਹਰਿਆਣਾ ਦੀ ਸੰਗਤ -ਸੁਖਬੀਰ ਸਿੰਘ ਬਲਬੇੜਾ

## ਝੀਂਡਾ ਗਰੁੱਪ ਆਪਣੇ 2014 ਤੋਂ 2020 ਦੇ ਕਾਰਜ ਕਾਲ ਦੌਰਾਨ ਗੋਲਕਾਂ ਦੀ ਲੜਾਈ ਤੋਂ ਸਿਵਾਏ ਹੋਰ ਹਰਿਆਣੇ ਦੀਆਂ ਸੰਗਤਾਂ ਨੂੰ ਕੀ ਦੇਣ ਇਹ ਦੱਸਣ ?



**ਬਲਬੇੜਾ, 9 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪੰਥਕ ਸੇਵਾਦਾਰ ਭਾਈ ਸੁਖਬੀਰ ਸਿੰਘ ਬਲਬੇੜਾ ਨੇ ਪ੍ਰੈਸ ਨੋਟ ਜਾਰੀ ਕਰਦੇ ਹੋਏ ਕਿਹਾ ਕਿ ਇਸ ਵੇਲੇ ਹਰਿਆਣਾ ਦੀਆਂ ਸੰਗਤਾਂ ਤੇ ਵੱਡੀ ਜਿੰਮੇਵਾਰੀ ਹੈ ਕਿ ਆਪਣੇ ਇਲਾਕੇ ਵਿੱਚ ਸਹੀ ਉਮੀਦਵਾਰ ਦੀ ਚੋਣ ਕਰਕੇ ਗੁਰੂ ਸਿਧਾਂਤ ਨੂੰ ਮੁੱਖ ਰੱਖ ਕੇ ਇਹ ਹਿਸਾਬ ਜਰੂਰ ਲਵਾਉਣ ਉਹ ਕਿਹੜੇ ਉਮੀਦਵਾਰ ਹਨ ਜਿਹੜੇ ਸਿਰਫ ਗੋਲਕਾਂ ਕਰਕੇ ਚੋਣ ਲੜ ਰਹੇ ਹਨ । ਇਹ ਗੱਲ ਵੀ ਕਿਸੇ ਤੋਂ ਛੁਪੀ ਹੋਈ ਨਹੀਂ ਹੈ ਕਿ ਝੀਡਾ ਗਰੁੱਪ ਨੇ 2014 ਤੋਂ 2020 ਦੇ ਕਾਰਜਕਾਰ ਦੌਰਾਨ ਗੋਲਕਾ ਦੀ ਲੜਾਈ ਤੋਂ ਸਿਵਾਏ ਹੋਰ ਕੋਈ ਉਪਲਬਧੀ ਹਾਸਲ ਨਹੀਂ ਕੀਤੀ । ਦੂਸਰੇ ਪਾਸੇ ਜਿਸ ਤਰੀਕੇ ਨਾਲ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੇ ਸਿੱਖੀ ਸਿਧਾਂਤ ਦੇ ਮੁਤਾਬਿਕ ਸਿੱਖ ਕੌਮ ਦੇ ਪ੍ਰਚਾਰ ਪ੍ਰਸਾਰ ਲਈ ਕੌਮ ਨੂੰ ਸਮਰਪਿਤ ਹੋਏ ਅਤੇ ਦਿਨ ਰਾਤ ਇੱਕ ਕਰਕੇ ਸੰਗਤਾਂ ਦੀ ਸੇਵਾ ਵਿੱਚ ਹਾਜ਼ਰ ਰਹੇ । ਜਥੇਦਾਰ ਦਾਦੂਵਾਲ ਨੇ ਕਿੰਨੇ ਯੋਗ ਸਿੱਖ ਨੌਜਵਾਨਾਂ ਨੂੰ ਹਰਿਆਣਾ ਕਮੇਟੀ ਵਿੱਚ ਰੁਜ਼ਗਾਰ ਦਿੱਤਾ । ਸਿੱਧੇ ਤੌਰ ਤੇ ਆਪਾਂ ਕਹਿ ਸਕਦੇ ਹਾਂ ਕਿ ਹਰਿਆਣੇ ਦੀਆਂ ਸੰਗਤਾਂ ਉਮੀਦਵਾਰਾਂ ਦੇ ਉਨਾਂ ਦੇ ਕਾਰਜ ਕਾਲ ਦੌਰਾਨ ਕੀਤੇ ਕਾਰਜਾਂ ਨੂੰ ਦੇਖ ਕੇ ਵੋਟ ਕਰੇ । ਕਿਸੇ ਵੀ ਵਿਅਕਤੀ ਵਿਸ਼ੇਸ਼ ਦੀ ਕਾਰਜਸ਼ੈਲੀ ਨੂੰ ਸਮਝਣਾ ਹੋਵੇ ਤਾਂ ਆਪਾਂ ਇਹੀ ਦੇਖਦੇ ਹਾਂ ਕਿ ਉਹਨਾਂ ਵੱਲੋਂ ਕਿਸ ਪ੍ਰਕਾਰ ਦੇ ਅਤੇ ਕਿਸ ਤਰੀਕੇ ਨਾਲ ਕਾਰਜ ਕੀਤੇ ਗਏ । ਜਥੇਦਾਰ ਬਲਜੀਤ ਸਿੰਘ ਦਾਦੂਵਾਲ ਵੱਲੋਂ ਹਰਿਆਣਾ ਦੀਆਂ ਸੰਗਤਾਂ ਲਈ ਇੱਕ ਸੇਵਾਦਾਰ ਦੇ ਵਾਂਗ ਜਿਸ ਤਰੀਕੇ ਨਾਲ ਪੂਰੇ ਹਰਿਆਣੇ ਵਿੱਚ ਸਿੱਖ ਕੌਮ ਦੇ ਪ੍ਰਚਾਰ ਪ੍ਰਸਾਰ ਲਈ ਕੰਮ ਕੀਤਾ ਗਿਆ ਉਹ ਸੰਗਤਾਂ ਦੇ ਸਾਹਮਣੇ ਹੈ । ਜਥੇਦਾਰ ਬਲਜੀਤ ਸਿੰਘ ਦਾਦੂਵਾਲ ਸਿੱਖ ਕੌਮ ਦੀ ਮਹਾਨ ਬੇਗਦਾਗ ਸ਼ਖਸੀਅਤ ਨੇ ਕਿਉਂਕਿ ਜਥੇਦਾਰ ਦਾਦੂਵਾਲ ਨੇ ਹਰਿਆਣਾ ਕਮੇਟੀ ਚੋਂ ਨਿੱਜ ਸਵਾਰਥ ਲਈ ਇੱਕ ਵੀ ਰੁਪਿਆ ਨਹੀਂ ਖਰਚਿਆ । ਪਰ ਦੂਜੇ ਪਾਸੇ ਝੀਡਾ ਗਰੁੱਪ ਜਾਂ ਹੋਰ ਜਿਨਾਂ ਨੂੰ ਜਥੇਦਾਰ ਦਾਦੂਵਾਲ ਵੱਲੋਂ ਸਿੱਖ ਕੌਮ ਲਈ ਕੀਤਾ ਪ੍ਰਚਾਰ ਪ੍ਰਸਾਰ ਹਜਮ ਨਹੀਂ ਹੋ ਰਿਹਾ ਉਹ ਹਰਿਆਣਾ ਦੀਆਂ ਸੰਗਤਾਂ ਨੂੰ ਗੁੰਮਰਾਹਕੁੰਨ ਪ੍ਰਚਾਰ ਕਰਕੇ ਖੁਦ ਵੱਲੋਂ ਹੁਣ ਤੱਕ ਗੋਲਕਾਂ ਦੀ ਲੜਾਈ ਨੂੰ ਸੂਰਮਗਤੀ ਵਾਂਗ ਮਿਸਾਲੀਆ ਤੌਰ ਤੇ ਸੰਗਤਾਂ ਵਿੱਚ ਦਰਸਾ ਰਹੇ ਹਨ । ਹੁਣ ਸੰਗਤਾਂ ਨੇ ਫੈਸਲਾ ਕਰਨਾ ਹੈ ਕੇ ਗੋਲਕਾਂ ਦੇ ਲੁਟੇਰੇ ਝੀਂਡਾ ਗਰੁੱਪ ਬਾਦਲਾਂ ਦੇ ਮੋਹਰੇ ਨੂੰ ਵੋਟਾਂ ਪਾਉਣੀਆਂ ਹਨ ਜਾਂ ਪੰਥ ਦੇ ਸੇਵਾਦਾਰ ਜਥੇਦਾਰ ਦਾਦੂਵਾਲ ਨੂੰ ਭਾਰੀ ਬਹੁਮਤ ਨਾਲ ਜਿਤਾਉਣਾ ਹੈ ।

**-ਪਰਗਟ ਸਿੰਘ ਬਲਬੇੜਾ, 9022000070**

# ਥਾਣਾ ਫਤਿਹਗੜ੍ਹ ਚੂੜ੍ਹੀਆਂ ਵੱਲੋ ਹੈਰੋਇਨ ਤੇ ਨਸ਼ੀਲੀਆਂ ਗੋਲੀਆਂ ਸਮੇਤ ਮੁਜ਼ਰਮ ਗ੍ਰਿਫਤਾਰ



**ਫ਼ਤਿਹਗੜ੍ਹ ਚੂੜ੍ਹੀਆਂ , 9 ਜਨਵਰੀ (ਆਵਾਜ਼ਿ ਕੌਮ ਬਿਊਰੋ )**-ਜਾਣਕਾਰੀ ਦਿੰਦਿਆ ਇੰਸ਼ਪੈਕਟਰ ਕਿਰਨਦੀਪ ਸਿੰਘ ਮੁੱਖ ਅਫਸਰ ਥਾਣਾ ਫਤਿਹਗੜ੍ਹ ਚੂੜ੍ਹੀਆਂ ਨੇ ਦੱਸਿਆ ਕਿ ਮਾਨਯੋਗ ਸੁਹੇਲ ਕਾਸਿਮ ਮੀਰ ਆਈਪੀਐਸ. ਸੀਨੀਅਰ ਕਪਤਾਨ ਪੁਲਿਸ, ਜਿਲ੍ਹਾ ਬਟਾਲਾ, ਸ੍ਰੀ ਗੁਰਪ੍ਰਤਾਪ ਸਿੰਘ ਸਹੋਤਾ ਪੀਪੀਐਸ ਐਸਪੀ-ਇੰਨਵੈਸਟੀਗੇਸ਼ਨ ਬਟਾਲਾ ਜੀ ਦੀਆਂ ਹਦਾਇਤਾ ਅਨੁਸਾਰ ਬਟਾਲਾ ਪੁਲਿਸ ਹਰ ਤਰਾ ਦੇ ਜੁਰਮ ਕਰਨ ਵਾਲੇ ਅਪਰਾਧੀਆਂ ਨੂੰ ਗ੍ਰਿਫਤਾਰ ਕਰਨ ਲਈ ਵਚਨਬੱਧ ਹੈ ਉਨ੍ਹਾਂ ਕਿਹਾ ਕਿ ਮਾਨਯੋਗ ਸੀਨੀਅਰ ਅਫਸਰਾਨ ਜੀ ਦੇ ਦਿਸ਼ਾ-ਨਿਰਦੇਸ਼ਾ ਹੇਠ ਸ੍ਰੀ ਵਿਪਨ ਕੁਮਾਰ ਪੀ.ਪੀ.ਐਸ-ਉਪ ਕਪਤਾਨ ਪੁਲਿਸ ਫਤਿਹਗੜ੍ਹ ਚੂੜ੍ਹੀਆਂ ਅਤੇ ਉਨ੍ਹਾਂ ਦੀ ਨਿਗਰਾਨੀ ਹੇਠ ਮਿਤੀ 07-01-2025 ਨੂੰ ਐਸਆਈ ਲਖਵਿੰਦਰ ਸਿੰਘ ਸਮੇਤ ਏਐਸਆਈ ਸੁਰਿੰਦਰ ਕੁਮਾਰ ਨੰ1544/ਬਟਾਲਾ, ਏਐਸਆਈ ਗੁਰਸਤਨਾਮ ਸਿੰਘ 2173/ਬਟਾਲਾ, ਸਿਪਾਹੀ ਭਵਨਜੀਤ ਸਿੰਘ 3009/ਬਟਾਲਾ ਮੁੱਖ/ਸਿਪਾਹੀ ਲਵਜੋਤ ਸਿੰਘ 1544/ਬਟਾਲਾ ਬ੍ਰਾਏ ਕਰਨੇ ਨਾਕਾ ਬੰਦੀ ਟੀ-ਪੁਆਈਟ ਹੈਡ ਨਹਿਰ ਕਾਲਾ ਅਫਗਾਨਾ ਮੌਜੂਦ ਸੀ ਤੇ ਵਹੀਕਲਾ ਦੀ ਚੈਕਿੰਗ ਕਰ ਰਹੇ ਸੀ ਤੇ ਪਿੰਡ ਡਾਲੇਚਕ ਵੱਲੋ ਇਕ ਸਪਲੈਂਡਰ ਮੋਟਰਸਾਈਕਲ ਨੰਬਰ ਪੀਬੀ-06 ਬੀਏ 7090 ਰੰਗ ਕਾਲਾ ਆਉਂਦਾ ਦਿਖਾਈ ਦਿੱਤਾ ਜੋ ਪੁਲਿਸ ਪਾਰਟੀ ਨੂੰ ਵੇਖ ਕੇ ਮੋਟਰਸਾਈਕਲ ਚਾਲਕ ਨੇ ਆਪਣੇ ਸੱਜੇ ਹੱਥ ਵਿਚ ਫੜੇ ਮੋਮੀ ਲਿਫਾਫਾ ਵਜਨਦਾਰ ਨੂੰ ਯਕਦਮ ਸੜਕ ਦੀ ਸਾਇਡ ਤੇ ਸੁੱਟਣ ਲੱਗੇ ਨੂੰ ਐਸਆਈ ਲਖਵਿੰਦਰ ਸਿੰਘ ਐਸਆਈ ਲਖਵਿੰਦਰ ਸਿੰਘ ਵੱਲੋ ਸਾਥੀ ਕ੍ਰਮਚਾਰੀਆ ਦੀ ਮਦਦ ਨਾਲ ਕਾਬੂ ਕਰਕੇ ਨਾਮ ਪਤਾ ਪੁੱਛਿਆ ਜਿਸ ਨੇ ਆਪਣਾ ਨਾਮ ਪਰਮਜੀਤ ਸਿੰਘ ਉਰਫ ਪੰਕਜ ਉਰਫ ਭੇਜੀ ਪੁੱਤਰ ਅਵਤਾਰ ਸਿੰਘ ਵਾਸੀ ਡਾਲੇਚਕ ਦੱਸਿਆ। ਜਿਸ ਤੇ ਪਰਮਜੀਤ ਸਿੰਘ ਉਰਫ ਪੰਕਜ ਉਰਫ ਫੌਜੀ ਉਕਤ ਦੇ ਹੱਥ ਵਿੱਚ ਫੜੇ ਮੰਮੀ ਲਿਫਾਫੇ ਰੰਗ ਕਾਲਾ ਚੈਕ ਕਰਨ ਤੇ ਉਸ ਵਿਚੋ ਦੋ ਮੋਮੀ ਲਿਫਾਫੇ ਤੇ ਇਕ ਛੋਟਾ ਇਲੈਕਟ੍ਰੋਨਿਕ ਕੰਡਾ ਹੈ ਉਹਨਾ ਲਿਫਾਫਿਆ ਨੂੰ ਖੋਲ ਕੇ ਚੈਕ ਕਰਨ ਤੇ ਇਕ ਲਿਫਾਫੇ ਵਿੱਚ ਨਸੀਲੀਆ ਗੋਲੀਆ ਰੰਗ ਚਿੱਟਾ ਅਤੇ ਦੂਸਰੇ ਮੋਮੀ ਲਿਫਾਫੇ ਵਿਚੋ ਹੈਰੋਇਨ ਬ੍ਰਾਮਦ ਹੋਈ। ਮੁਸੱਮੀ ਪਰਮਜੀਤ ਸਿੰਘ ਉਰਫ ਪੰਕਜ ਉਰਫ ਫੌਜੀ ਉਕਤ ਦੀ ਤਲਾਸੀ ਕਰਨ ਤੇ ਉਸਦੀ ਪਹਿਨੀ ਹੋਈਪੈਂਟ ਦੀ ਸੱਜੀ ਜੇਬ ਵਿੱਚ 1200/ਰੁਪਏ ਭਾਰਤੀ ਕਰਾਸੀ ਬ੍ਰਾਮਦ ਹੋਈ ਜਿਸ ਨੇ ਦੱਸਿਆ ਕਿ ਇਹ ਪੈਸੇ ਮੈਂ ਨਸ਼ੀਲਾ ਪਦਾਰਥ ਵੇਚ ਕੇ ਗਾਹਕਾ ਪਾਸੋ ਵੱਟੇ ਹਨ ਬਾਮਦ ਸੁਦਾ ਹੈਰੋਇਨ ਸਮੇਤ ਮੋਮੀ ਲਿਫਾਫੇ ਦਾ ਵਜਨ ਕਰਨ ਤੇ 08 ਗ੍ਰਾਮ ਹੈਰੋਇਨ ਸਮੇਤ ਮੋਮੀ ਲਿਫਾਫਾ ਹੋਈ ਤੇ ਬ੍ਰਾਮਦ ਸ਼ੁਦਾ ਨਸ਼ੀਲੀਆਂ ਖੁਲੀਆ ਗੋਲੀਆ ਰੰਗ ਚਿੱਟਾ ਦੀ ਗਿਣਤੀ ਕਰਨ ਤੇ ਕੁੱਲ 28 ਨਸ਼ੀਲੀਆ ਗੋਲੀਆ ਬ੍ਰਾਮਦ ਕਰਕੇ ਸੰਜ਼ੀਵ ਕੁਮਾਰ ਨਾਇਬ ਉਕਤ ਦੇ ਖਿਲਾਫ ਮੁਕੱਦਮਾ ਨੰਬਰ 03 ਮਿਤੀ 07- 10-2025 ਜੁਰਮ 21,22,27-ਏ,61,85 ਐਨਡੀਪੀਐਸ ਐਕਟ ਤਹਿਤ ਥਾਣਾ ਫਤਿਹਗੜ੍ਹ ਚੂੜ੍ਹੀਆਂ ਵਿੱਚ ਦਰਜ ਕੀਤਾ ਗਿਆ ਹੈ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243